Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 105 Chief Editor : Chowdhary Prabhjit Singh, Editor : Chhatarpal Singh 98146-32807, Friday 9 October 2026 Price : 2 Rs. Page : 6

ਰਿਆਨੇਸ਼ ਕੁਮਾਰ ਖ਼ਿਲਾਫ਼ ਰਾਜਘਾਟ ਪੁੱਜੇ ਇੰਡੀਆ ਗੱਠਜੋੜ ਦੇ ਸੰਸਦ ਮੈਂਬਰ

ਨਵੀਂ ਦਿੱਲੀ, 8 ਅਕਤੂਬਰ
-ਚੌਧਰੀ ਪ੍ਰਭਜੀਤ ਸਿੰਘ-

ਇੰਡੀਆ ਗਠਜੋੜ ਨੇ ਦੋ ਦਿਨਾਂ ਦੇ ਮਾਰਚ, ਧਰਨਿਆਂ ਅਤੇ ਆਗੂਆਂ ਦੀਆਂ ਨਜ਼ਰਬੰਦੀਆਂ ਤੋਂ ਬਾਅਦ ਅੱਜ ਮੁੜ ਕੌਮੀ ਰਾਜਧਾਨੀ ਵਿੱਚ ਰੋਸ ਪ੍ਰਗਟਾਇਆ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਵੱਲੋਂ ਦੁਪਹਿਰ ਦੇ ਖਾਣੇ ਦੀ ਮੀਟਿੰਗ ਤੋਂ ਬਾਅਦ ਵਿਰੋਧੀ ਧਿਰ ਦੇ ਆਗੂ ਰਾਜਘਾਟ ਪੁੱਜੇ।

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਅਤੇ ਕਾਂਗਰਸ ਸੰਸਦ ਮੈਂਬਰ ਪ੍ਰਿਯੰਕਾ ਗਾਂਧੀ ਵਾਡਰਾ ਵੀ ਕਨਾਟ ਪਲੇਸ ਪਹੁੰਚੇ ਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਮੀਟਿੰਗ ਕੀਤੀ। ਰਾਸ਼ਟਰੀ ਜਨਤਾ ਦਲ ਦੇ ਸੁਧਾਰ ਸਿੰਘ, ਸਮਾਜਵਾਦੀ ਪਾਰਟੀ ਦੇ ਆਗੂ ਰਾਜੀਵ ਰਾਏ, ਤ੍ਰਿਣਮੂਲ ਕਾਂਗਰਸ ਦੇ ਸੰਸਦ ਮੈਂਬਰ ਅਤੇ ਇੰਡੀਆ ਗੱਠਜੋੜ ਦੀਆਂ ਹੋਰ ਪਾਰਟੀਆਂ ਦੇ ਨੁਮਾਇੰਦੇ ਵੀ ਮੀਟਿੰਗ ਵਿੱਚ ਸ਼ਾਮਲ ਹੋਏ। ਇਹ ਕਾਰਵਾਈ ਅਜਿਹੇ ਸਮੇਂ ਹੋਈ ਜਦੋਂ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਵਿਰੋਧ ਪ੍ਰਦਰਸ਼ਨ ਤੀਜੇ ਦਿਨ ਵਿੱਚ ਦਾਖ਼ਲ ਹੋ ਗਿਆ ਹੈ। ਵਿਰੋਧੀ ਧਿਰ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ ਤਹਿਤ ਬੇਨਿਯਮੀਆਂ ਅਤੇ ਵੋਟਾਂ ਦੀ 'ਚੋਰੀ' ਦੇ ਆਪਣੇ ਦੋਸ਼ਾਂ ਨੂੰ ਲੈ ਕੇ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕਰ ਰਹੀ ਹੈ। ਦੁਪਹਿਰ ਦੇ ਖਾਣੇ ਦੀ ਮੀਟਿੰਗ ਖ਼ਤਮ ਹੋਣ ਤੋਂ ਬਾਅਦ ਇੰਡੀਆ ਗੱਠਜੋੜ ਦੇ ਆਗੂ ਤਿੰਨ ਬੱਸਾਂ ਵਿੱਚ ਸਵਾਰ ਹੋ ਕੇ ਰਾਜਘਾਟ ਸਥਿਤ ਗਾਂਧੀ ਸਮਾਰਕ ਲਈ ਰਵਾਨਾ ਹੋਏ। ਇੱਥੇ ਉਨ੍ਹਾਂ ਨੇ ਸ਼ਾਂਤਮਈ ਧਰਨਾ ਦੇਣ ਦੀ ਯੋਜਨਾ ਬਣਾਈ ਸੀ। ਕਾਂਗਰਸ ਦੇ ਵੱਡੀ ਗਿਣਤੀ ਵਿੱਚ ਕਾਰਕੁਨ ਹੱਥਾਂ ਵਿੱਚ ਪਾਰਟੀ ਦੇ ਝੰਡੇ ਲੈ ਕੇ ਬੱਸਾਂ ਦੇ ਨਾਲ ਚੱਲ ਰਹੇ ਸਨ। ਖੜਗੇ ਨੇ ਕਿਹਾ ਕਿ ਸੰਸਦ ਮੈਂਬਰ ਰਾਜਘਾਟ ਸਥਿਤ ਸਮਾਰਕ 'ਤੇ ਇਕੱਠੇ ਹੋ ਕੇ ਚੁੱਪ ਬੈਠਣਗੇ ਅਤੇ ਭਾਜਪਾ ਸਰਕਾਰ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਲਈ 'ਸਦਬੁੱਧੀ' ਦੀ ਅਰਦਾਸ ਕਰਨਗੇ। ਖੜਗੇ ਨੇ ਕਿਹਾ ਕਿ ਵਿਰੋਧੀ ਧਿਰ ਵੋਟਾਂ ਦੀ 'ਚੋਰੀ', ਵਧਦੀ ਮਹਿੰਗਾਈ ਅਤੇ ਦੇਸ਼ ਦੇ ਨੌਜਵਾਨਾਂ ਸਾਹਮਣੇ ਖੜ੍ਹੀਆਂ ਸਮੱਸਿਆਵਾਂ ਨੂੰ ਉਜਾਗਰ ਕਰਨਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਆਗੂ ਰਾਜਘਾਟ 'ਤੇ ਸ਼ਾਂਤਮਈ ਢੰਗ ਨਾਲ ਆਪਣਾ ਵਿਰੋਧ ਜਾਰੀ ਰੱਖਣਗੇ।

ਵਿਰੋਧੀ ਧਿਰ ਨਾਲ ਧੱਕਾ ਕੀਤਾ ਜਾ ਰਿਹੈ: ਰਾਹੁਲ

ਬੱਸਾਂ ਦੇ ਰਵਾਨਾ ਹੋਣ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਹੁਲ ਗਾਂਧੀ ਨੇ ਦੋਸ਼ ਲਾਇਆ ਕਿ ਦਿੱਲੀ ਵਿੱਚ ਵਿਰੋਧੀ ਧਿਰ ਨੂੰ ਕਿਤੇ ਵੀ ਪ੍ਰਦਰਸ਼ਨ ਨਹੀਂ ਕਰਨ ਦਿੱਤਾ ਜਾ ਰਿਹਾ। ਬੁੱਧਵਾਰ ਦੀ ਘਟਨਾ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਸੰਸਦ ਮੈਂਬਰਾਂ ਨੂੰ ਜੰਤਰ ਮੰਤਰ ਜਾਣ ਤੋਂ ਰੋਕਿਆ ਗਿਆ ਅਤੇ ਉਨ੍ਹਾਂ ਨਾਲ ਕਥਿਤ ਤੌਰ 'ਤੇ ਧੱਕਾ-ਮੁੱਕੀ ਕੀਤੀ ਗਈ। ਰਾਹੁਲ ਨੇ ਦੋਸ਼ ਲਾਇਆ ਕਿ ਨਰਿੰਦਰ ਮੋਦੀ ਅਤੇ ਅਮਿਤ ਸ਼ਾਹ ਨੇ ਲੋਕਤੰਤਰਿਕ ਪ੍ਰਕਿਰਿਆ ਨੂੰ 'ਹਾਈਜੈਕ' ਕਰ ਲਿਆ ਹੈ। ਉਨ੍ਹਾਂ ਨੇ ਵੋਟਾਂ ਦੀ ਕਥਿਤ ਚੋਰੀ ਦੇ ਦੋਸ਼ਾਂ 'ਤੇ ਕਾਰਵਾਈ ਦੀ ਮੰਗ ਵੀ ਦੁਹਰਾਈ।

ਰਾਸ਼ਟਰਪਤੀ ਨਾਲ ਮੁਲਾਕਾਤ ਕਰੇਗਾ 10 ਮੈਂਬਰੀ ਵਫ਼ਦ

ਵਿਰੋਧੀ ਧਿਰ ਲਈ ਵੀਰਵਾਰ ਨੂੰ ਇੱਕ ਹੋਰ ਅਹਿਮ ਘਟਨਾ ਸਾਹਮਣੇ ਆਈ। ਰਾਸ਼ਟਰਪਤੀ ਦਰੌਪਦੀ ਮੁਰਮੂ ਸ਼ੁੱਕਰਵਾਰ ਨੂੰ ਇੰਡੀਆ ਗੱਠਜੋੜ ਦੇ 10 ਮੈਂਬਰੀ ਵਫ਼ਦ ਨਾਲ ਮੁਲਾਕਾਤ ਕਰਨਗੇ। ਗੱਠਜੋੜ ਨੇ ਪਹਿਲਾਂ 15 ਆਗੂਆਂ ਲਈ ਮੁਲਾਕਾਤ ਦਾ ਸਮਾਂ ਮੰਗਿਆ ਸੀ। ਰਾਸ਼ਟਰਪਤੀ ਨਾਲ ਮੁਲਾਕਾਤ ਕਰਨ ਵਾਲੇ ਆਗੂਆਂ ਵਿੱਚ ਖੜਗੇ, ਰਾਹੁਲ ਗਾਂਧੀ, ਅਖਿਲੇਸ਼ ਯਾਦਵ ਅਤੇ ਮਮਤਾ ਬੈਨਰਜੀ ਸਮੇਤ ਹੋਰ ਆਗੂ ਸ਼ਾਮਲ ਹੋਣ ਦੀ ਉਮੀਦ ਹੈ। ਕਾਂਗਰਸ ਦੇ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ ਨੇ ਕਿਹਾ ਕਿ ਗੱਠਜੋੜ ਨੇ ਸਭ ਤੋਂ ਪਹਿਲਾਂ 2 ਅਕਤੂਬਰ ਨੂੰ ਰਾਸ਼ਟਰਪਤੀ ਨਾਲ ਮੁਲਾਕਾਤ ਲਈ ਪੱਤਰ ਭੇਜਿਆ ਸੀ। ਇਸ ਤੋਂ ਬਾਅਦ ਰਾਸ਼ਟਰਪਤੀ ਭਵਨ ਨੇ ਆਉਣ ਵਾਲੇ ਆਗੂਆਂ ਦੇ ਨਾਂ ਮੰਗੇ ਸਨ। ਗੱਠਜੋੜ ਨੇ 5 ਅਕਤੂਬਰ ਨੂੰ ਮੁੜ ਪੱਤਰ ਭੇਜ ਕੇ 7, 8 ਜਾਂ 9 ਅਕਤੂਬਰ ਨੂੰ ਮੁਲਾਕਾਤ ਦਾ ਸਮਾਂ ਮੰਗਿਆ ਸੀ।

ਦਿੱਲੀ ਵਿੱਚ ਸੁਰੱਖਿਆ ਵਧਾਈ, ਕਈ ਥਾਵਾਂ 'ਤੇ ਬੈਰੀਕੇਡ

ਇਸ ਦੌਰਾਨ ਕੇਂਦਰੀ ਦਿੱਲੀ ਵਿੱਚ ਸੁਰੱਖਿਆ ਵਧਾ ਦਿੱਤੀ ਗਈ ਹੈ। ਦਿੱਲੀ ਪੁਲੀਸ ਅਤੇ ਰੈਪਿਡ ਐਕਸ਼ਨ ਫੋਰਸ ਦੇ ਜਵਾਨ ਵੱਡੀ ਗਿਣਤੀ ਵਿੱਚ ਤਾਇਨਾਤ ਕੀਤੇ ਗਏ ਹਨ। ਕਈ ਥਾਵਾਂ 'ਤੇ ਬੈਰੀਕੇਡ ਲਗਾ ਕੇ ਇਲਾਕਿਆਂ ਦੀ ਘੇਰਾਬੰਦੀ ਕੀਤੀ ਗਈ ਹੈ।

ਪੰਜਾਬ ਨਿਵੇਸ਼ਕਾਂ ਲਈ ਬਣੇਗਾ ਮੁੱਖ ਤਰਜੀਹ, ਸਾਰੀਆਂ ਮਨਜ਼ੂਰੀਆਂ ਸਿੰਗਲ ਵਿੰਡੋ ਰਾਹੀਂ: ਭਗਵੰਤ ਮਾਨ

ਚੰਡੀਗੜ੍ਹ 8 ਅਕਤੂਬਰ
-ਛਤਰਪਾਲ ਸਿੰਘ-

ਕਾਰੋਬਾਰ ਵਿੱਚ ਸੌਖ, ਪਾਰਦਰਸ਼ਤਾ ਅਤੇ ਰੋਜ਼ਗਾਰ ਪੈਦਾ ਕਰਨ 'ਤੇ ਨਵੇਂ ਸਿਰਿਓਂ ਧਿਆਨ ਕੇਂਦਰਿਤ ਕਰਦਿਆਂ ਪੰਜਾਬ ਨਿਵੇਸ਼ਕਾਂ ਲਈ ਤਰਜੀਹੀ ਸਥਾਨ ਵਜੋਂ ਉੱਭਰ ਰਿਹਾ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਸ ਦਿਸ਼ਾ ਵਿੱਚ ਚੰਡੀਗੜ੍ਹ ਵਿਖੇ 'ਹੁਨਰ ਪੰਜਾਬ' ਅਤੇ 'ਫਾਸਟ-ਟ੍ਰੈਕ ਪੰਜਾਬ' ਪੋਰਟਲ ਲਾਂਚ ਕੀਤੇ। ਉਨ੍ਹਾਂ ਕਿਹਾ ਕਿ ਇਹ ਨਵੇਂ ਪੋਰਟਲ 45 ਦਿਨਾਂ ਦੇ ਅੰਦਰ ਸਿੰਗਲ ਵਿੰਡੋ ਰਾਹੀਂ ਸਾਰੀਆਂ ਜ਼ਰੂਰੀ ਪ੍ਰਵਾਨਗੀਆਂ ਯਕੀਨੀ ਬਣਾਉਣਗੇ, ਨਿਵੇਸ਼ਕਾਂ ਨੂੰ ਵਿੱਤੀ ਉਤਸ਼ਾਹ ਦੀ ਪਾਰਦਰਸ਼ੀ ਢੰਗ ਨਾਲ ਟਰੈਕਿੰਗ ਕਰਨ ਦੇ ਯੋਗ ਬਣਾਉਣਗੇ ਅਤੇ ਉਦਯੋਗਾਂ ਨੂੰ ਹੁਨਰਮੰਦ ਨੌਜਵਾਨਾਂ ਨਾਲ ਸਿੱਧਾ ਜੋੜਨਗੇ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੇ 2022 ਤੋਂ ਲੈ ਕੇ ਹੁਣ ਤੱਕ 1.89 ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕੀਤਾ ਹੈ, ਜਿਸ ਨਾਲ 6.31 ਲੱਖ ਨਵੀਆਂ ਨੌਕਰੀਆਂ ਪੈਦਾ ਹੋਈਆਂ ਹਨ, ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਰਕਾਰ ਦੀ ਪਹਿਲਕਦਮੀ ਸੂਬੇ ਦੇ ਨੌਜਵਾਨਾਂ ਲਈ ਪੰਜਾਬ ਦੇ ਅੰਦਰ ਹੀ ਰੋਜ਼ਗਾਰ ਦੇ ਮੌਕੇ ਪੈਦਾ ਕਰਨਾ ਅਤੇ ਮੁੜ 'ਰੰਗਲਾ ਪੰਜਾਬ' ਨੂੰ ਮੁੜ ਸਿਰਜਣਾ ਹੈ।

ਸੋਸ਼ਲ ਮੀਡੀਆ ਐਕਸ 'ਤੇ ਆਪਣੇ ਵਿਚਾਰ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਵਿੱਚ 1.89 ਲੱਖ ਕਰੋੜ ਰੁਪਏ ਦਾ ਨਿਵੇਸ਼ ਆਇਆ ਹੈ, ਜਿਸ ਨਾਲ 6.31 ਲੱਖ ਨਵੀਆਂ ਨੌਕਰੀਆਂ ਪੈਦਾ ਹੋਈਆਂ ਹਨ। ਨਿਵੇਸ਼ਕਾਂ ਦੇ ਇਸ ਭਰੋਸੇ ਨੂੰ ਬਣਾਈ ਰੱਖਣ ਲਈ ਅਸੀਂ ਅੱਜ ਦੋ ਪ੍ਰਮੁੱਖ ਪੋਰਟਲ ਲਾਂਚ ਕੀਤੇ ਹਨ।

'ਹੁਨਰ ਪੰਜਾਬ' ਪੋਰਟਲ ਸੂਬੇ ਦੇ ਨੌਜਵਾਨਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਉਦਯੋਗਾਂ ਨੂੰ ਹੁਨਰਮੰਦ ਕਾਮੇ ਮੁਹੱਈਆ ਕਰਵਾਉਣ ਲਈ ਸ਼ੁਰੂ ਕੀਤਾ ਗਿਆ ਹੈ। ਇਸ ਦੇ ਨਾਲ ਹੀ ਨਿਵੇਸ਼ਕਾਂ ਨੂੰ ਉਪਲਬਧ ਸਹੂਲਤਾਂ ਅਤੇ ਵਿੱਤੀ ਰਿਆਇਤਾਂ ਬਾਰੇ ਪਾਰਦਰਸ਼ੀ ਜਾਣਕਾਰੀ ਪ੍ਰਦਾਨ ਕਰਨ ਲਈ 'ਫਾਸਟ-ਟ੍ਰੈਕ ਪੰਜਾਬ' ਦਾ 'ਫਾਈਨੈਂਸ਼ੀਅਲ ਇਨਸੈਂਟਿਵਜ਼ ਮੌਡਿਊਲ' (ਪਾਸਬੁੱਕ) ਲਾਂਚ ਕੀਤਾ ਗਿਆ ਹੈ। ਸਾਡਾ ਟੀਚਾ ਪੰਜਾਬ ਦੇ ਨੌਜਵਾਨਾਂ ਨੂੰ ਉਨ੍ਹਾਂ ਦੇ ਆਪਣੇ ਸੂਬੇ ਵਿੱਚ ਰੋਜ਼ਗਾਰ ਦੇਣਾ ਅਤੇ ਪੰਜਾਬ ਨੂੰ ਇਕ ਵਾਰ ਫਿਰ ਖ਼ੁਸ਼ਹਾਲ ਬਣਾਉਣਾ ਹੈ। ਇਨਕਲਾਬ ਜ਼ਿੰਦਾਬਾਦ।

ਪੋਰਟਲ ਲਾਂਚ ਕਰਨ ਤੋਂ ਬਾਅਦ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹੁਨਰ ਪੰਜਾਬ ਅਤੇ ਫਾਸਟ-ਟ੍ਰੈਕ ਪੰਜਾਬ ਦੀ ਸ਼ੁਰੂਆਤ ਪੰਜਾਬ ਦੇ ਉਦਯੋਗ ਅਤੇ ਨੌਜਵਾਨਾਂ ਲਈ ਮਹੱਤਵਪੂਰਨ ਕਦਮ ਹੈ। 'ਹੁਨਰ ਪੰਜਾਬ' ਉਦਯੋਗ ਅਤੇ ਹੁਨਰਮੰਦ ਨੌਜਵਾਨਾਂ ਵਿਚਕਾਰ ਪਾੜੇ ਨੂੰ ਪੂਰਾ ਕਰੇਗਾ ਅਤੇ ਸੂਬੇ ਦੇ ਅੰਦਰ ਸਾਡੇ ਨੌਜਵਾਨਾਂ ਲਈ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰੇਗਾ।

ਮੁੱਖ ਮੰਤਰੀ ਨੇ ਨੋਟ ਕੀਤਾ, ਹੁਨਰ ਪੰਜਾਬ ਪੋਰਟਲ 'ਤੇ ਪਹਿਲਾਂ ਹੀ ਲਗਪਗ 1,750 ਸੰਸਥਾਵਾਂ ਰਜਿਸਟਰਡ ਹੋ ਚੁੱਕੀਆਂ ਹਨ ਅਤੇ ਉਦਯੋਗਿਕ ਖੇਤਰ ਵਿੱਚ ਰੋਜ਼ਗਾਰ ਦੇ ਮੌਕਿਆਂ ਲਈ ਸਥਾਨਕ ਹੁਨਰਮੰਦ ਨੌਜਵਾਨਾਂ ਨੂੰ ਤਰਜੀਹ ਦਿੱਤੀ ਜਾਵੇਗੀ। ਕੰਪਨੀਆਂ ਹੁਣ ਇਸ ਪਲੇਟਫਾਰਮ ਰਾਹੀਂ ਹੁਨਰਮੰਦ ਨੌਜਵਾਨਾਂ ਨਾਲ ਸਿੱਧਾ ਜੁੜ ਸਕਣਗੀਆਂ ਅਤੇ ਉਨ੍ਹਾਂ ਨੂੰ ਨੌਕਰੀ 'ਤੇ ਰੱਖ ਸਕਣਗੀਆਂ।

ਉਨ੍ਹਾਂ ਕਿਹਾ, ਪੰਜਾਬ ਸਰਕਾਰ ਨੇ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਅਤੇ ਸਰਕਾਰੀ ਕੰਮਕਾਜ ਵਿੱਚ ਵਧੇਰੇ ਪਾਰਦਰਸ਼ਤਾ ਲਿਆਉਣ ਲਈ ਸਾਰੇ ਵਿਭਾਗਾਂ ਵਿੱਚ ਈ-ਆਫਿਸ ਅਤੇ ਆਨਲਾਈਨ ਪ੍ਰਣਾਲੀਆਂ ਲਾਗੂ ਕਰ ਦਿੱਤੀਆਂ ਹਨ। ਇਹ ਪ੍ਰਣਾਲੀਆਂ ਬੇਲੋੜੀ ਦੇਰੀ ਨੂੰ ਘਟਾ ਰਹੀਆਂ ਹਨ ਅਤੇ ਸਰਕਾਰੀ ਪ੍ਰਕਿਰਿਆਵਾਂ ਨੂੰ ਵਧੇਰੇ ਜਵਾਬਦੇਹ ਬਣਾ ਰਹੀਆਂ ਹਨ।

ਪੰਜਾਬ ਦੇ 50 ਨਗਰ ਵਾਰਡਾਂ ਦੀਆਂ ਚੋਣਾਂ ਰੱਦ, ਸੁਪਰੀਮ ਕੋਰਟ ਵੱਲੋਂ 6 ਹਫ਼ਤਿਆਂ ਵਿੱਚ ਮੁੜ ਚੋਣਾਂ ਦੇ ਹੁਕਮ

ਚੰਡੀਗੜ੍ਹ, 8 ਅਕਤੂਬਰ
-ਜੀ. ਐਸ. ਤੁੰਗ-

ਪੰਜਾਬ ਵਿੱਚ ਦਸੰਬਰ 2024 ਦੀਆਂ ਸਥਾਨਕ ਸਰਕਾਰਾਂ ਦੀਆਂ ਚੋਣਾਂ ਨਾਲ ਜੁੜੇ ਮਾਮਲੇ ਵਿੱਚ ਸੁਪਰੀਮ ਕੋਰਟ ਨੇ ਪਟਿਆਲਾ ਅਤੇ ਮੋਗਾ ਜ਼ਿਲ੍ਹਿਆਂ ਦੇ 50 ਵਾਰਡਾਂ ਵਿੱਚ ਮੁੜ ਚੋਣਾਂ ਕਰਵਾਉਣ ਦੇ ਹੁਕਮ ਦਿੱਤੇ ਹਨ। ਇਨ੍ਹਾਂ ਵਿੱਚ ਪਟਿਆਲਾ ਨਗਰ ਨਿਗਮ ਦੇ 28 ਅਤੇ ਮੋਗਾ ਜ਼ਿਲ੍ਹੇ ਦੀਆਂ ਬਾਘਾਪੁਰਾਣਾ ਤੇ ਧਰਮਕੋਟ ਨਗਰ ਕੌਂਸਲਾਂ ਦੇ 22 ਵਾਰਡ ਸ਼ਾਮਲ ਹਨ। ਅਦਾਲਤ ਨੇ ਪੂਰੀ ਚੋਣ ਪ੍ਰਕਿਰਿਆ ਛੇ ਹਫ਼ਤਿਆਂ ਅੰਦਰ ਮੁਕੰਮਲ ਕਰਨ ਲਈ ਕਿਹਾ ਹੈ। ਇਹ ਹੁਕਮ 'ਸੀਮਾ ਸ਼ਰਮਾ ਐਂਡ ਅਦਰਜ਼ ਬਨਾਮ ਸਟੇਟ ਆਫ਼ ਪੰਜਾਬ ਐਂਡ ਅਦਰਜ਼' ਸਮੇਤ ਪਟੀਸ਼ਨਾਂ 'ਤੇ ਸੁਣਵਾਈ ਦੌਰਾਨ ਜਾਰੀ ਹੋਏ। ਸੁਪਰੀਮ ਕੋਰਟ ਨੇ 24 ਮਾਰਚ 2025 ਨੂੰ ਸੇਵਾਮੁਕਤ ਜੱਜ ਜਸਟਿਸ ਨਿਰਮਲਜੀਤ ਕੌਰ ਦੀ ਅਗਵਾਈ ਵਿੱਚ Fact-Finding Commission ਬਣਾਇਆ ਸੀ। ਕਮਿਸ਼ਨ ਨੇ 18 ਨਵੰਬਰ 2025 ਨੂੰ ਰਿਪੋਰਟ ਪੇਸ਼ ਕੀਤੀ, ਜਿਸ ਵਿੱਚ ਨਾਮਜ਼ਦਗੀ ਪ੍ਰਕਿਰਿਆ ਦੌਰਾਨ ਕਈ ਨਾਲ ਸਬੰਧਤ ਸਬੂਤਾਂ ਦਾ ਵੀ ਜ਼ਿਕਰ ਕੀਤਾ ਗਿਆ। ਧਰਮਕੋਟ ਦੇ 7 ਅਤੇ ਬਾਘਾਪੁਰਾਣਾ ਦੇ ਸਾਰੇ 15 ਵਾਰਡਾਂ ਵਿੱਚ ਵੀ ਨਾਮਜ਼ਦਗੀ ਅਤੇ ਚੋਣ ਪ੍ਰਕਿਰਿਆ ਨਾਲ ਸਬੰਧਤ ਗੜਬੜੀਆਂ ਪਾਈਆਂ ਗਈਆਂ। ਪੰਜਾਬ ਸਰਕਾਰ ਵੱਲੋਂ ਪੇਸ਼ ਸੀਨੀਅਰ ਵਕੀਲ ਕਪਿਲ ਸਿੱਬਲ ਨੇ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਸਵੀਕਾਰ ਕਰਨ 'ਤੇ ਸਰਕਾਰ ਵੱਲੋਂ ਕੋਈ ਇਤਰਾਜ਼ ਨਾ ਹੋਣ ਦੀ ਗੱਲ ਕਹੀ। ਇਸ ਤੋਂ ਬਾਅਦ ਸੁਪਰੀਮ ਕੋਰਟ ਨੇ 50 ਵਾਰਡਾਂ ਵਿੱਚ ਮੁੜ ਚੋਣਾਂ ਦਾ ਹੁਕਮ ਦਿੱਤਾ।

ਅਦਾਲਤ ਨੇ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਉਣ ਲਈ Monitoring Committee ਬਣਾਉਣ ਅਤੇ ਨਾਮਜ਼ਦਗੀ ਤੋਂ ਲੈ ਕੇ ਵੋਟਿੰਗ ਤੱਕ ਮਹੱਤਵਪੂਰਨ ਪੜਾਆਂ ਦੀ ਵੀਡੀਓਗ੍ਰਾਫੀ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ। ਹਾਈ ਕੋਰਟ ਦੇ ਸੀਨੀਅਰ ਵਕੀਲਾਂ ਨੂੰ Observers ਵਜੋਂ ਤਾਇਨਾਤ ਕੀਤਾ ਜਾਵੇਗਾ ਅਤੇ ਚੋਣ ਪ੍ਰਕਿਰਿਆ ਦੀ ਰਿਪੋਰਟ ਹਾਈ ਕੋਰਟ ਦੇ ਚੀਫ਼ ਜਸਟਿਸ ਕੋਲ ਪੇਸ਼ ਕੀਤੀ ਜਾਵੇਗੀ। ਸੁਪਰੀਮ ਕੋਰਟ ਦੇ ਇਸ ਫੈਸਲੇ ਨਾਲ ਪੰਜਾਬ ਦੀਆਂ 2024 ਦੀਆਂ ਸਥਾਨਕ ਸਰਕਾਰਾਂ ਦੀਆਂ ਚੋਣਾਂ ਨਾਲ ਜੁੜੇ ਵਿਵਾਦ ਵਿੱਚ ਮਹੱਤਵਪੂਰਨ ਮੋੜ ਆਇਆ ਹੈ। 50 ਵਾਰਡਾਂ ਵਿੱਚ ਨਵੀਂ ਚੋਣ ਪ੍ਰਕਿਰਿਆ ਹੁਣ ਅਦਾਲਤ ਵੱਲੋਂ ਨਿਰਧਾਰਤ ਨਿਗਰਾਨੀ ਅਤੇ ਪਾਰਦਰਸ਼ਤਾ ਦੇ ਪ੍ਰਬੰਧਾਂ ਤਹਿਤ ਕਰਵਾਈ ਜਾਵੇਗੀ।

ਨਗਰ ਨਿਗਮ ਚੋਣਾਂ ਬਾਰੇ ਸੁਪਰੀਮ ਕੋਰਟ ਦੇ ਫੈਸਲੇ ਦਾ ਸਵਾਗਤ ਕਰਦੇ ਹਾਂ: ਅਜੀਤ ਪਾਲ ਕੋਹਲੀ

ਪਟਿਆਲਾ, 8 ਅਕਤੂਬਰ
-ਜੀ. ਐਸ. ਤੁੰਗ-

: ਪਟਿਆਲਾ ਨਗਰ ਨਿਗਮ ਦੀਆਂ ਚੋਣਾਂ ਸਬੰਧੀ ਸੁਪਰੀਮ ਕੋਰਟ ਵੱਲੋਂ ਦਿੱਤੇ ਫੈਸਲੇ ਦਾ ਸਵਾਗਤ ਕਰਦਿਆਂ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਨੇ ਕਿਹਾ ਕਿ ਇਸ ਫੈਸਲੇ ਨਾਲ ਚੋਣ ਪ੍ਰਕਿਰਿਆ ਨੂੰ ਲੈ ਕੇ ਇੱਕ ਨਵਾਂ ਅਧਿਆਇ ਸ਼ੁਰੂ ਹੋਇਆ ਹੈ। ਸੁਪਰੀਮ ਕੋਰਟ ਨੇ ਪਟਿਆਲਾ ਦੀਆਂ 28 ਸਮੇਤ ਪੰਜਾਬ ਦੀਆਂ 50 ਵਾਰਡਾਂ ਵਿੱਚ ਮੁੜ ਚੋਣਾਂ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ।

ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਅਜੀਤ ਪਾਲ ਕੋਹਲੀ ਨੇ ਦੋਸ਼ ਲਗਾਉਂਦਿਆਂ ਕਿਹਾ ਕਿ ਧੱਕੇਸ਼ਾਹੀ ਵਾਲੀ ਰਾਜਨੀਤੀ ਦੀ ਪਿਰਤ ਮੋਤੀ ਮਹਿਲਾਂ ਵਾਲਿਆਂ ਵੱਲੋਂ ਪਾਈ ਗਈ ਸੀ। ਉਨ

ਸੰਪਾਦਕੀ

ਸਮਝ ਬੇ ਪਰਦਾ, ਕਰ ਲ਼ਫ਼ਜ਼ ਅਦਾ

ਲੱਗੇਗੀ ਅੱਗ ਤਾਂ ਆਏਂਗੇ ਘਰ ਕਈ ਜ਼ਦ ਮੇਂ ,
ਯਹਾਂ ਸਿਰਫ਼ ਮੇਰਾ ਮਕਾਨ ਥੋੜ੍ਹੀ ਹੈ।

ਭਾਵ ਹੈ ਕਿ ਕਿਸੇ ਮਸਲੇ ਨੂੰ ਸਿਰਫ਼ ਆਪਣੇ ਨਜ਼ਰੀਏ ਨਾਲ ਨਹੀਂ, ਵਿਆਪਕ ਪ੍ਰਭਾਵ ਅਤੇ ਦੂਜਿਆਂ ਦੀ ਸਥਿਤੀ ਨੂੰ ਸਮਝ ਕੇ ਦੇਖਣਾ ਚਾਹੀਦਾ ਹੈ। ਮਨੁੱਖੀ ਸਮਾਜ ਦੀਆਂ ਬਹੁਤ ਸਾਰੀਆਂ ਵੱਡੀਆਂ ਸਮੱਸਿਆਵਾਂ ਦੀ ਜੜ੍ਹ ਸਿਰਫ਼ ਵਿਚਾਰਾਂ ਦਾ ਫ਼ਰਕ ਨਹੀਂ, ਸਗੋਂ ਅਧੂਰੀ ਜਾਣਕਾਰੀ, ਪਹਿਲਾਂ ਤੋਂ ਬਣੀਆਂ ਧਾਰਨਾਵਾਂ , ਡਰ ਅਤੇ ਬਿਨਾਂ ਸਮਝੇ ਬਣਾਈ ਗਈ ਨਫ਼ਰਤ ਵੀ ਹੈ। ਜਾਤ-ਪਾਤ, ਰੰਗ, ਨਸਲ, ਧਰਮ, ਭਾਸ਼ਾ, ਖੇਤਰ, ਸਿਆਸੀ ਵਿਚਾਰਧਾਰਾ ਅਤੇ ਸਮਾਜਿਕ ਪਛਾਣਾਂ ਨਾਲ ਜੁੜੇ ਟਕਰਾਅ ਇਸ ਗੱਲ ਦੀ ਮਿਸਾਲ ਹਨ। ਪਰ ਇਹ ਕਹਿਣਾ ਕਿ ਦੁਨੀਆ ਦੇ ਬਿਲਕੁਲ 100 ਫ਼ੀਸਦੀ ਮਸਲੇ ਨਫ਼ਰਤ ਕਾਰਨ ਹਨ, ਇੱਕ ਪ੍ਰਮਾਣਿਤ ਅੰਕੜਾ ਨਹੀਂ ਹੈ। ਹਾਂ, ਇਹ ਜ਼ਰੂਰ ਹੈ ਕਿ ਭੇਦਭਾਵ, ਪਹਿਲਾਂ ਤੋਂ ਬਣੀ ਪੱਖਪਾਤੀ ਸੋਚ ਅਤੇ ਸਮਾਜਿਕ ਧੜੇਬੰਦੀ ਦੁਨੀਆ ਭਰ ਵਿੱਚ ਟਕਰਾਅ ਅਤੇ ਵੰਡ ਨੂੰ ਵਧਾਉਣ ਵਾਲੇ ਮਹੱਤਵਪੂਰਨ ਕਾਰਕ ਹਨ।

ਇੱਕ ਪਰਖਿਆ ਪੱਖ ਹੈ ਕਿ ਨਫ਼ਰਤ ਆਪਣੇ ਆਪ ਵਿੱਚ ਹਮੇਸ਼ਾ ਮਾੜੀ ਨਹੀਂ ਹੁੰਦੀ। ਜੇਕਰ ਕਿਸੇ ਇਨਸਾਨ ਨੂੰ ਜ਼ੁਲਮ, ਭ੍ਰਿਸ਼ਟਾਚਾਰ, ਅਨਿਆਂ, ਹਿੰਸਾ ਜਾਂ ਕਿਸੇ ਗਲਤ ਕੰਮ ਨਾਲ ਨਫ਼ਰਤ ਹੈ, ਤਾਂ ਇਹ ਭਾਵਨਾ ਉਸਨੂੰ ਗਲਤ ਦੇ ਵਿਰੁੱਧ ਖੜ੍ਹਾ ਹੋਣ ਦੀ ਤਾਕਤ ਵੀ ਦੇ ਦਿੰਦੀ ਹੈ। ਇਸੇ ਤਰ੍ਹਾਂ ਆਪਣੀ ਗ਼ਲਤੀ ਜਾਂ ਮਾੜੀ ਆਦਤ ਨੂੰ ਨਾਪਸੰਦ ਕਰਨਾ ਸੁਧਾਰ ਦੀ ਸ਼ੁਰੂਆਤ ਬਣਦਾ ਹੈ। ਸਮੱਸਿਆ ਨਫ਼ਰਤ ਦੀ ਭਾਵਨਾ ਨਾਲੋਂ ਵੱਧ ਉਸਦੇ ਨਿਸ਼ਾਨੇ ਅਤੇ ਉਸਦੇ ਤਰੀਕੇ ਵਿੱਚ ਹੈ।

ਜਦੋਂ ਨਫ਼ਰਤ ਕਿਸੇ ਗਲਤ ਕੰਮ ਤੋਂ ਹਟ ਕੇ ਕਿਸੇ ਇਨਸਾਨੀ ਦੀ ਜਾਤ, ਰੰਗ, ਨਸਲ, ਧਰਮ, ਭਾਸ਼ਾ, ਲਿੰਗ ਜਾਂ ਸਮਾਜਿਕ ਪਛਾਣ ਨਾਲ ਜੁੜ ਜਾਂਦੀ ਹੈ, ਤਾਂ ਇਹ ਖ਼ਤਰਨਾਕ ਬਣ ਜਾਂਦੀ ਹੈ। ਫਿਰ ਇਨਸਾਨ ਦੇ ਕੰਮ ਨੂੰ ਨਹੀਂ, ਉਸਦੀ ਪਛਾਣ ਨੂੰ ਦੋਸ਼ੀ ਮੰਨਿਆ ਜਾਣ ਲੱਗਦਾ ਹੈ। ਇੱਥੋਂ ਪਹਿਲਾਂ ਤੋਂ ਬਣੀ ਪੱਖਪਾਤੀ ਸੋਚ ਜਨਮ ਲੈਂਦੀ ਹੈ ਅਤੇ ਪਹਿਲਾਂ ਤੋਂ ਬਣੀ ਪੱਖਪਾਤੀ ਸੋਚ ਅੱਗੇ ਚੱਲ ਕੇ ਭੇਦਭਾਵ, ਬਹਿਸ, ਦੁਸ਼ਮਣੀ ਅਤੇ ਕਈ ਵਾਰ ਭਿਆਨਕ ਹਿੰਸਾ ਦਾ ਰੂਪ ਵੀ ਧਾਰਦਾ ਹੈ।

ਇਹੀ ਸਿਧਾਂਤ ਨਿੱਜੀ ਰਿਸ਼ਤਿਆਂ 'ਤੇ ਵੀ ਲਾਗੂ ਹੁੰਦਾ ਹੈ। ਦੋ ਦੋਸਤਾਂ ਵਿਚ ਕਿਸੇ ਗੱਲ ਨੂੰ ਲੈ ਕੇ ਗ਼ਲਤਫ਼ਹਮੀ ਹੋ ਸਕਦੀ ਹੈ। ਭੈਣ-ਭਰਾ ਜਾਂ ਰਿਸ਼ਤੇਦਾਰਾਂ ਵਿਚ ਜਾਇਦਾਦ, ਪੈਸੇ, ਵਿਚਾਰਾਂ ਜਾਂ ਪੁਰਾਣੀਆਂ ਘਟਨਾਵਾਂ ਕਾਰਨ ਦੂਰੀ ਪੈਦਾ ਹੋ ਸਕਦੀ ਹੈ। ਪਰ ਅਕਸਰ ਅਸੀਂ ਪੂਰੀ ਗੱਲ ਜਾਣੇ ਬਿਨਾਂ ਆਪਣਾ ਫ਼ੈਸਲਾ ਸੁਣਾ ਦਿੰਦੇ ਹਾਂ। ਇੱਥੇ ਇੱਕ ਬਹੁਤ ਮਹੱਤਵਪੂਰਨ ਜੀਵਨ-ਸਿਧਾਂਤ ਨੂੰ ਸਮਝਣਾ ਅਤੇ ਆਪਣੇ ਜੀਵਨ ਵਿੱਚ ਜੋੜਨਾ ਪਵੇਗਾ ਕਿ : ਪਹਿਲਾਂ ਸਮਝੋ, ਫਿਰ ਪਸੰਦ ਜਾਂ ਨਾਪਸੰਦ ਕਰੋ।

ਸਾਡੀ ਸਭ ਤੋਂ ਵੱਡੀ ਸਮੱਸਿਆ ਇਹ ਹੈ ਕਿ ਅਸੀਂ ਅਕਸਰ ਕਿਸੇ ਸ਼ੈ ਜਾਂ ਇਨਸਾਨ ਨੂੰ ਸਮਝਣ ਤੋਂ ਪਹਿਲਾਂ ਉਸ ਬਾਰੇ ਆਪਣੀ ਰਾਏ ਬਣਾ ਲੈਂਦੇ ਹਾਂ। ਸੋਸ਼ਲ ਮੀਡੀਆ ਦੇ ਯੁੱਗ ਵਿੱਚ ਇਹ ਸਮੱਸਿਆ ਹੋਰ ਗੰਭੀਰ ਹੋ ਗਈ ਹੈ। ਅਸੀਂ ਇੱਕ ਛੋਟੀ ਵੀਡੀਓ, ਇੱਕ ਤਸਵੀਰ, ਇੱਕ ਸਿਰਲੇਖ ਜਾਂ ਕਿਸੇ ਹੋਰ ਦੀ ਕਹੀ ਗੱਲ ਦੇ ਆਧਾਰ 'ਤੇ ਪੂਰੇ ਇਨਸਾਨ, ਸੰਸਥਾ ਜਾਂ ਪੂਰੇ ਸਮੂਹ ਬਾਰੇ ਫ਼ੈਸਲਾ ਕਰ ਲੈਂਦੇ ਹਾਂ। ਇੱਥੇ ਅਣਜਾਣ ਪੁਣਾ ਅਤੇ ਅਸਹਿਮਤੀ ਇੱਕੋ ਚੀਜ਼ ਨਹੀਂ ਹਨ। ਕਿਸੇ ਵਿਚਾਰ ਨੂੰ ਨਾ ਸਮਝਣਾ ਇਸ ਗੱਲ ਦਾ ਸਬੂਤ ਨਹੀਂ ਕਿ ਉਹ ਗਲਤ ਹੈ। ਇਸੇ ਤਰ੍ਹਾਂ ਕਿਸੇ ਵਿਅਕਤੀ ਨਾਲ ਸਾਡੀ ਅਸਹਿਮਤੀ ਇਹ ਸਾਬਤ ਨਹੀਂ ਕਰਦੀ ਕਿ ਉਹ ਪੱਖ/ਇਨਸਾਨ ਮਾੜਾ ਹੈ। ਸਾਨੂੰ ਇਹ ਵੀ ਸਮਝਣ ਦੀ ਲੋੜ ਹੈ ਕਿ ਸਾਡੇ ਕੋਲ ਸਿਰਫ਼ ਮੁਹੱਬਤ ਜਾਂ ਨਫ਼ਰਤ ਦੋ ਰਾਹ ਨਹੀਂ ਸਗੋਂ ਇੱਕ ਤੀਜਾ ਰਾਹ ਵੀ ਹੈ , ਨਿਰਲੇਪਤਾ ਅਤੇ ਕਿਸੇ ਦਾ ਪੱਖ ਨਾ ਲੈ ਕੇ ਨਿਰਪੱਖ ਰਹਿਣਾ। 1947 ਦੀ ਵੰਡ ਵੇਲੇ ਜਦੋਂ ਸੱਤਾ ਦਾ ਅਦਲ-ਬਦਲ ਹੋਇਆ ਸੀ ਉਸ ਵੇਲੇ ਭਾਰਤ ਦੇਸ਼ ਆਰਥਿਕ ਅਤੇ ਤਰੱਕੀ ਪੱਖੋਂ ਇੱਕ ਨਾਜ਼ੁਕ ਸਤਿਥੀ ਵਿੱਚ ਸੀ, ਵੇਲੇ ਦੇ ਸੂਝਵਾਨ ਸਿਆਸਤਦਾਨਾਂ ਨੇ ਸੋਵੀਅਤ ਸੰਗ ਅਤੇ ਅਮਰੀਕਾ ਵਰਗੀਆਂ ਵੱਡੀਆਂ ਤਾਕਤਾਂ ਵਿੱਚੋਂ ਕਿਸੇ ਇੱਕ ਦਾ ਪੱਲਾ ਫੜਨ ਨਾਲੋਂ ਨਿਰਲੇਪ ਭਾਵ ਗੁੱਟ ਨਿਰਪੱਖ ਦਾ ਰਾਹ ਫੜਿਆਂ ਹੋਣਾ। ਜਿਸ ਨਾਲ ਦੋਹਾਂ ਤਾਕਤਾਂ ਵਿਚਲੇ ਬਖੇੜੇ ਤੋਂ ਹਟ ਕੇ ਅਤੇ ਦੋਹਾਂ ਤਲਤ ਦੇ ਮੇਲਜੋਲ ਨਾਲ ਭਾਰਤ ਦੇਸ਼ ਤਰੱਕੀ ਦੇ ਰਾਹ ਤੇ ਟੁਰਿਆ। ਜੇਕਰ ਕੋਈ ਇਨਸਾਨ, ਵਿਚਾਰ ਜਾਂ ਸਿਧਾਂਤ ਸਾਨੂੰ ਸਮਝ ਨਹੀਂ ਆ ਰਿਹਾ, ਤਾਂ ਤੁਰੰਤ ਨਫ਼ਰਤ ਕਰਨਾ ਜ਼ਰੂਰੀ ਨਹੀਂ। ਅਸੀਂ ਕੁਝ ਸਮੇਂ ਲਈ ਕਿਸੇ ਦਾ ਪੱਖ ਨਾ ਲੈ ਕੇ ਨਿਰਪੱਖ ਰਹਿ ਸਕਦੇ ਹਾਂ, ਜਾਣਕਾਰੀ ਇਕੱਠੀ ਕਰ ਸਕਦੇ ਹਾਂ, ਦੂਜੇ ਪੱਖ ਨੂੰ ਸੁਣ ਸਕਦੇ ਹਾਂ ਅਤੇ ਫਿਰ ਆਪਣੀ ਰਾਏ ਬਣਾ ਸਕਦੇ ਹਾਂ। ਇਸ ਦਾ ਮਤਲਬ ਇਹ ਨਹੀਂ ਕਿ ਹਰ ਚੀਜ਼ ਨੂੰ ਸਮਝਣ ਤੋਂ ਬਾਅਦ ਵੀ ਨਫ਼ਰਤ ਜਾਂ ਵਿਰੋਧ ਨਹੀਂ ਕੀਤਾ ਜਾ ਸਕਦਾ। ਬਿਲਕੁਲ ਕੀਤਾ ਜਾ ਸਕਦਾ ਹੈ। ਪਰ ਫ਼ਰਕ ਇਹ ਹੋਵੇਗਾ ਕਿ ਫ਼ੈਸਲਾ ਅਗਿਆਨਤਾ, ਅਫ਼ਵਾਹ ਜਾਂ ਧੜੇਬੰਦੀ ਤੋਂ ਨਹੀਂ, ਸਗੋਂ ਤੱਥ, ਸਮਝ ਅਤੇ ਵਿਵੇਕ ਤੋਂ ਪੈਦਾ ਹੋਵੇਗਾ। ਅੱਜ ਦੁਨੀਆ ਨੂੰ ਸਭ ਤੋਂ ਵੱਧ ਲੋੜ ਇਸੇ ਛੋਟੀ ਜਿਹੇ ਫ਼ਿਤਰਤ ਨੂੰ ਬਦਲਣ ਦੀ ਹੈ ਕਿ ਮੈਨੂੰ ਪਹਿਲਾਂ ਸਮਝਣ ਦਿਓ।

ਕਿਸੇ ਨੂੰ ਪਿਆਰ ਕਰਨ ਤੋਂ ਪਹਿਲਾਂ ਸਮਝੋ। ਕਿਸੇ ਨੂੰ ਨਾਪਸੰਦ ਕਰਨ ਤੋਂ ਪਹਿਲਾਂ ਸਮਝੋ। ਕਿਸੇ ਬਾਰੇ ਰਾਏ ਬਣਾਉਣ ਤੋਂ ਪਹਿਲਾਂ ਉਸਨੂੰ ਸਮਝੋ। ਅਤੇ ਜੇਕਰ ਸਮਝਣ ਤੋਂ ਬਾਅਦ ਵੀ ਸਾਡਾ ਵਿਚਾਰ ਵੱਖਰਾ ਰਹੇ, ਤਾਂ ਵੀ ਮਨੁੱਖੀ ਮਰਿਆਦਾ ਅਤੇ ਸਹਿਣਸ਼ੀਲਤਾ ਨੂੰ ਕਾਇਮ ਰੱਖੋ। ਕਿਉਂਕਿ ਸਮਝ ਨਫ਼ਰਤ ਨੂੰ ਹਮੇਸ਼ਾ ਖ਼ਤਮ ਨਹੀਂ ਕਰਦੀ, ਪਰ ਇਹ ਨਫ਼ਰਤ ਨੂੰ ਅੰਨ੍ਹਾ ਹੋਣ ਤੋਂ ਜ਼ਰੂਰ ਰੋਕ ਸਕਦੀ ਹੈ। ਇੱਕ ਸੂਝਵਾਨ ਅਤੇ ਅਨੁਸ਼ਾਸਿਤ ਸਮਾਜ ਦਾ ਮੂਲ ਹੋਣਾ ਚਾਹਿੰਦਾ ਹੈ. ਪਹਿਲਾਂ ਸਮਝਾਂਗਾ, ਫਿਰ ਫ਼ੈਸਲਾ ਕਰਾਂਗਾ।

ਸ਼ਅ

Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, publİshed and owned by Harjinder Chaudhary printed at Raftaar Printing Press, Factory Area, Patiaİa and publİshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

ਡਿਗਰੀਆਂ ਨਾਲ ਹੁਨਰ ਦਾ ਤੰਤਰ, ਬਿਹਤਰ ਰੋਜ਼ਗਾਰ ਦਾ ਮੂਲ ਮੰਤਰ

ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

ਡਿਗਰੀਆਂ ਵਧ ਰਹੀਆਂ ਹਨ, ਪਰ ਰੋਜ਼ਗਾਰ ਦੀਆਂ ਲੋੜਾਂ ਨਾਲ ਕਾਬਲੀਅਤਾਂ ਦਾ ਮੇਲ ਕਿਉਂ ਨਹੀਂ ਬੈਠ ਰਿਹਾ ? ਆਧੁਨਿਕ ਸਿੱਖਿਆ ਪ੍ਰਣਾਲੀ ਸਾਹਮਣੇ ਅੱਜ ਸਭ ਤੋਂ ਵੱਡਾ ਮੁੱਦਾ ਵਿਦਿਆਰਥੀ ਵੱਲੋਂ ਹਾਸਲ ਕੀਤੀ ਡਿਗਰੀ ਨਹੀਂ ਸਗੋਂ ਇਹ ਹੈ ਕਿ ਉਸ ਕੋਲ ਬਦਲਦੇ ਕੰਮਕਾਜੀ ਸੰਸਾਰ ਲਈ ਲੋੜੀਂਦੀਆਂ ਕਾਬਲੀਅਤਾਂ ਕਿੰਨੀਆਂ ਹਨ।

ਇੱਕ ਪਾਸੇ ਉਹ ਨੌਜਵਾਨ ਹਨ ਜੋ ਇੰਜੀਨੀਅਰਿੰਗ, ਗਣਿਤ, ਕੰਪਿਊਟਰ ਵਿਗਿਆਨ, ਅੰਕੜਾ-ਵਿਗਿਆਨ ਅਤੇ ਹੋਰ ਤਕਨੀਕੀ ਖੇਤਰਾਂ ਵਿੱਚ ਮਾਹਿਰ ਹਨ, ਪਰ ਆਪਣੀ ਗੱਲ ਪ੍ਰਭਾਵਸ਼ਾਲੀ ਢੰਗ ਨਾਲ ਰੱਖਣ, ਦੂਜਿਆਂ ਨੂੰ ਧਿਆਨ ਨਾਲ ਸੁਣਨ, ਟੀਮ ਨਾਲ ਕੰਮ ਕਰਨ, ਪ੍ਰਧਾਨਗੀ ਕਰਨ ਜਾਂ ਇਨਸਾਨੀ ਭਾਵਨਾਵਾਂ ਨੂੰ ਸਮਝਣ ਵਿੱਚ ਪਿੱਛੇ ਰਹਿ ਜਾਂਦੇ ਹਨ।

ਦੂਜੇ ਪਾਸੇ ਮਨੁੱਖੀ ਵਿਗਿਆਨ, ਭਾਸ਼ਾ, ਕਲਾ, ਸਮਾਜ-ਵਿਗਿਆਨ ਅਤੇ ਦਰਸ਼ਨ ਦੇ ਵਿਦਿਆਰਥੀ ਹਨ, ਜਿਨ੍ਹਾਂ ਕੋਲ ਵਿਚਾਰ-ਸ਼ਕਤੀ, ਭਾਸ਼ਾਈ ਸਮਰੱਥਾ, ਤਰਕ ਅਤੇ ਮਨੁੱਖੀ ਵਿਵਹਾਰ ਨੂੰ ਸਮਝਣ ਦੀ ਯੋਗਤਾ ਹੁੰਦੀ ਹੈ, ਪਰ ਉਹ ਡਿਜ਼ਿਟਲ ਸਾਧਨਾਂ, ਅੰਕੜਿਆਂ, ਏ-ਆਈ ਅਤੇ ਆਟੋਮੈਟਿਕ ਕੰਮਕਾਜੀ ਪ੍ਰਣਾਲੀਆਂ ਦੀ ਬੁਨਿਆਦੀ ਸਮਝ ਤੋਂ ਵਾਂਝੇ ਰਹਿ ਜਾਂਦੇ ਹਨ।

ਇਹੀ ਉਹ ਅੱਖੋਂ ਓਹਲਾ ਪਾੜਾ ਹੈ ਜਿਸ ਨੂੰ ' ਹੁਨਰਾਂ ਦੀ ਘਾਟ ਤੇ ਵਾਧੇ ਵਿਚਲਾ ਅਸੰਤੁਲਨ' ਵਜੋਂ ਸਮਝਿਆ ਜਾ ਸਕਦਾ ਹੈ।

ਅੰਤਰਰਾਸ਼ਟਰੀ ਕਿਰਤ ਸੰਗਠਨ ਅਨੁਸਾਰ ਹੁਨਰਾਂ ਦਾ ਅਸੰਤੁਲਨ ਸਿਰਫ਼ ਡਿਗਰੀ ਅਤੇ ਨੌਕਰੀ ਦੇ ਨਾ ਮਿਲਣ ਤੱਕ ਸੀਮਿਤ ਨਹੀਂ। ਇਸ ਵਿੱਚ ਯੋਗਤਾ ਤੋਂ ਵੱਧ ਪੜ੍ਹਾਈ ਹੋਣਾ, ਯੋਗਤਾ ਤੋਂ ਘੱਟ ਪੜ੍ਹਾਈ ਹੋਣਾ, ਕਿਸੇ ਖਾਸ ਹੁਨਰ ਦੀ ਘਾਟ, ਕਿਰਤ ਮੰਡੀ ਵਿੱਚ ਜ਼ਰੂਰੀ ਹੁਨਰਾਂ ਦੀ ਕਮੀ ਅਤੇ ਪੜ੍ਹੇ ਗਏ ਵਿਸ਼ੇ ਤੇ ਕੀਤੇ ਜਾ ਰਹੇ ਕੰਮ ਵਿਚਕਾਰ ਤਾਲਮੇਲ ਦੀ ਘਾਟ ਵੀ ਸ਼ਾਮਲ ਹੈ। ਸਾਡੀ ਸਿੱਖਿਆ ਪ੍ਰਣਾਲੀ ਨੇ ਲੰਮੇ ਸਮੇਂ ਤੋਂ ਗਿਆਨ ਨੂੰ ਵੱਖ-ਵੱਖ ਖਾਨਿਆਂ ਵਿੱਚ ਵੰਡਿਆ ਹੋਇਆ ਹੈ। ਜਿਸ ਵਿੱਚ ਇੰਜੀਨੀਅਰਿੰਗ, ਡਾਕਟਰੀ, ਵਪਾਰ, ਕਲਾ, ਵਿਗਿਆਨ, ਕਾਨੂੰਨ ਅਤੇ ਪ੍ਰਬੰਧਨ ਹਨ।

ਇਹ ਵੰਡ ਆਪਣੇ ਸਥਾਨ 'ਤੇ ਲਾਭਦਾਇਕ ਹੈ, ਪਰ ਆਧੁਨਿਕ ਕੰਮਕਾਜੀ ਸੰਸਾਰ ਨੇ ਇਨ੍ਹਾਂ ਖੇਤਰਾਂ ਵਿਚਕਾਰ ਦੀਆਂ ਕੰਧਾਂ ਕਾਫ਼ੀ ਹੱਦ ਤੱਕ ਢਾਹ ਦਿੱਤੀਆਂ ਹਨ।

ਅੱਜ ਇੱਕ ਇੰਜੀਨੀਅਰ ਲਈ ਸਿਰਫ਼ ਮਸ਼ੀਨ ਜਾਂ ਤਕਨੀਕ ਨੂੰ ਸਮਝਣਾ ਕਾਫ਼ੀ ਨਹੀਂ। ਉਸ ਨੂੰ ਗਾਹਕ, ਸਾਥੀ ਕਰਮਚਾਰੀਆਂ, ਪ੍ਰਬੰਧਕਾਂ ਅਤੇ ਸਮਾਜ ਨਾਲ ਪ੍ਰਭਾਵਸ਼ਾਲੀ ਗੱਲਬਾਤ ਰਾਹੀਂ ਤਾਲਮੇਲ ਕਰਨਾ ਵੀ ਆਉਣਾ ਚਾਹੀਦਾ ਹੈ।

ਇਸੇ ਤਰ੍ਹਾਂ ਇੱਕ ਪੱਤਰਕਾਰ, ਅਧਿਆਪਕ, ਵਕੀਲ, ਪ੍ਰਬੰਧਕ ਜਾਂ ਸਮਾਜ-ਵਿਗਿਆਨ ਦੇ ਵਿਦਿਆਰਥੀ ਲਈ ਕੇਵਲ ਭਾਸ਼ਾ ਅਤੇ ਵਿਚਾਰ ਕਾਫ਼ੀ ਨਹੀਂ ਰਹੇ। ਉਸ ਨੂੰ ਅੰਕੜਿਆਂ, ਡਿਜ਼ਿਟਲ ਸਾਧਨਾਂ, ਏ-ਆਈ , ਜਾਣਕਾਰੀ ਦੀ ਜਾਂਚ ਅਤੇ ਆਧੁਨਿਕ ਕੰਮਕਾਜੀ ਪ੍ਰਣਾਲੀਆਂ ਦੀ ਮੁੱਢਲੀ ਸਮਝ ਵੀ ਹੋਣੀ ਚਾਹੀਦੀ ਹੈ।

ਭਾਵ ਭਵਿੱਖ ਦਾ ਕਰਮਚਾਰੀ ਸਿਰਫ'ਤਕਨੀਕੀ' ਜਾਂ 'ਗੈਰ-ਤਕਨੀਕੀ' ਨਹੀਂ ਹੋਵੇਗਾ। ਉਸ ਵਿੱਚ ਤਕਨੀਕੀ ਸਮਝ ਅਤੇ ਇਨਸਾਨੀ ਸਮਰੱਥਾ ਦਾ ਮਿਲਾਪ ਹੋਵੇਗਾ।

ਵਿਸ਼ਵ ਆਰਥਿਕ ਮੰਚ ਦੀ 2025 ਦੀ ਭਵਿੱਖ ਦੀ ਰੋਜ਼ਗਾਰ ਰਿਪੋਰਟ ਵਿੱਚ ਤੱਥ-ਆਧਾਰਿਤ ਸੋਚ ਨੂੰ ਸਭ ਤੋਂ ਮਹੱਤਵਪੂਰਨ ਮੁੱਖ ਹੁਨਰਾਂ ਵਿੱਚ ਦਰਜ ਕੀਤਾ ਗਿਆ ਹੈ। ਇਸ ਦੇ ਨਾਲ ਰਚਨਾਤਮਕ ਸੋਚ, ਲਚਕੀਲਾਪਣ, ਪ੍ਰਧਾਨਗੀ , ਸਮਾਜਿਕ ਪ੍ਰਭਾਵ, ਤਕਨੀਕੀ ਸਾਖਰਤਾ, ਹਮਦਰਦੀ ਅਤੇ ਸਰਗਰਮ ਸੁਣਨ ਵਰਗੀਆਂ ਕਾਬਲੀਅਤਾਂ ਨੂੰ ਵੀ ਮਹੱਤਵਪੂਰਨ ਮੰਨਿਆ ਗਿਆ ਹੈ।

ਇਸ ਤੋਂ ਸਪਸ਼ਟ ਹੈ ਕਿ ਕੰਪਨੀਆਂ ਨੂੰ ਹੁਣ ਸਿਰਫ਼ ਜਾਣਕਾਰੀ ਰੱਖਣ ਵਾਲੇ ਲੋਕ ਨਹੀਂ, ਸਗੋਂ ਜਾਣਕਾਰੀ ਨੂੰ ਵਰਤਣ ਅਤੇ ਲੋਕਾਂ ਨਾਲ ਮਿਲ ਕੇ ਕੰਮ ਕਰਨ ਵਾਲੇ ਲੋਕ ਚਾਹੀਦੇ ਹਨ।

ਅੱਜ ਦੇ ਸਾਡੇ ਲੇਖ ਵਿੱਚ ਕ੍ਰਿਤ੍ਰਿਮ ਬੁੱਧੀ ਅਤੇ ਆਟੋਮੈਟਿਕ ਕੰਮਾਂ ਦੀ ਚਰਚਾ ਨੂੰ ਹੋਰ ਗੰਭੀਰ ਬਣਾ ਦਿੱਤਾ ਹੈ।

ਅਨੇਕਾਂ ਦੁਹਰਾਏ ਜਾਣ ਵਾਲੇ ਮਾਨਸਿਕ ਕੰਮ, ਅੰਕੜਿਆਂ ਦੀ ਛਾਂਟੀ, ਜਾਣਕਾਰੀ ਦੀ ਪ੍ਰਕਿਰਿਆ ਅਤੇ ਦਫ਼ਤਰੀ ਕਾਰਜ ਹੁਣ ਮਸ਼ੀਨੀ ਪ੍ਰਬੰਧਾਂ ਤੇ ਏ-ਆਈ ਰਾਹੀਂ ਤੇਜ਼ੀ ਨਾਲ ਕੀਤੇ ਜਾ ਰਹੇ ਹਨ।

ਅੰਤਰਰਾਸ਼ਟਰੀ ਕਿਰਤ ਸੰਗਠਨ ਦੀ 2026 ਦੀ ਰਿਪੋਰਟ ਅਨੁਸਾਰ ਏ-ਆਈ ਦੇ ਵਧ ਰਹੇ ਇਸਤੇਮਾਲ ਨਾਲ ਕੰਮਕਾਜੀ ਹੁਨਰਾਂ ਦੀ ਪ੍ਰਕਿਰਤੀ ਬਦਲ ਰਹੀ ਹੈ। ਸੋਚਣ-ਸਮਝਣ ਦੀ ਉੱਚ ਪੱਧਰੀ ਸਮਰੱਥਾ, ਸਮਾਜਿਕ ਅਤੇ ਭਾਵਨਾਤਮਕ ਹੁਨਰ, ਡਿਜ਼ਿਟਲ ਯੋਗਤਾ ਅਤੇ ਏ-ਆਈ ਨਾਲ ਕੰਮ ਕਰਨ ਦੀ ਸਮਝ ਦੀ ਲੋੜ ਵਧ ਰਹੀ ਹੈ।

ਹੁਣ ਹਰ ਇਨਸਾਨ ਨੂੰ ਕੰਪਿਊਟਰ ਪ੍ਰੋਗਰਾਮਰ ਨਹੀਂ ਸਗੋਂ ਆਪਣੇ ਕੰਮ ਦੇ ਖੇਤਰ ਅਨੁਸਾਰ ਡਿਜ਼ਿਟਲ ਵਿਦਿਆ-ਗਿਆਨ ਹਾਸਲ ਕਰਨਾ ਪਵੇਗਾ।

ਜਿਵੇਂ ਪਿਛਲੀ ਸਦੀ ਵਿੱਚ ਪੜ੍ਹਨਾ ਅਤੇ ਲਿਖਣਾ ਬੁਨਿਆਦੀ ਯੋਗਤਾ ਮੰਨੀ ਜਾਂਦੀ ਸੀ, ਉਸੇ ਤਰ੍ਹਾਂ ਅੱਜ ਡਿਜ਼ਿਟਲ ਸਾਧਨਾਂ ਦੀ ਸਮਝ ਆਧੁਨਿਕ ਪੇਸ਼ੇਵਰ ਜੀਵਨ ਦੀ ਬੁਨਿਆਦੀ ਲੋੜ ਬਣਦੀ ਗਈ ਹੈ।

ਸਮੱਸਿਆ ਦਾ ਇੱਕ ਹੋਰ ਪੱਖ ਇਹ ਹੈ ਕਿ ਵਿਚਾਰ-ਵਟਾਂਦਰਾ, ਹਮਦਰਦੀ, ਸੁਣਨ ਦੀ ਸਮਰੱਥਾ, ਟੀਮ-ਕੰਮ, ਭਾਵਨਾਤਮਕ ਸੰਤੁਲਨ ਅਤੇ ਅਗਵਾਈ ਨੂੰ ਅਕਸਰ 'ਨਰਮ ਹੁਨਰ' ਕਹਿ ਕੇ ਘੱਟ ਮਹੱਤਵ ਦਿੱਤਾ ਜਾਂਦਾ ਹੈ।

ਕਈ ਤਕਨੀਕੀ ਸਿੱਖਿਆ ਸੰਸਥਾਵਾਂ ਵਿੱਚ ਇਹ ਸੋਚ ਮਿਲਦੀ ਹੈ ਕਿ ਇਹ ਤਾਂ ਆਮ ਸਮਝ ਦੀਆਂ ਗੱਲਾਂ ਹਨ, ਇਨ੍ਹਾਂ ਨੂੰ ਵੱਖਰੇ ਤੌਰ 'ਤੇ ਸਿਖਾਉਣ ਦੀ ਕੀ ਲੋੜ ਹੈ। ਇਹ ਪਹਿਲਾ ਤੋਂ ਬਣਾਈ ਸੋਚ ਗਲਤ ਹੈ।

ਆਰਥਿਕ ਸਹਿਯੋਗ ਅਤੇ ਵਿਕਾਸ ਸੰਗਠਨ ਦੀ ਬਾਲਗ ਹੁਨਰ ਸਰਵੇਖਣ ਸੰਬੰਧੀ ਖੋਜ ਵਿੱਚ ਸਮਾਜਿਕ ਅਤੇ ਭਾਵਨਾ ਆਧਾਰਿਤ ਸਮਰੱਥਾਵਾਂ ਦਾ ਰੋਜ਼ਗਾਰ, ਤਨਖ਼ਾਹ ਅਤੇ ਕੰਮ ਤੋਂ ਸੰਤੁਸ਼ਟੀ ਨਾਲ ਸੁਤੰਤਰ ਸੰਬੰਧ ਦਰਜ ਕੀਤਾ ਗਿਆ ਹੈ।

ਇਸ ਦਾ ਅਰਥ ਇਹ ਨਹੀਂ ਕਿ ਸਿਰਫ਼ ਬਹੁਤ ਬੋਲਣ ਵਾਲਾ ਜਾਂ ਆਤਮ-ਵਿਸ਼ਵਾਸੀ ਇਨਸਾਨ ਹੀ ਸਫਲ ਹੁ

ਡੀ.ਸੀ ਵੱਲੋਂ ਆਗਾਮੀ ਵਿਧਾਨ ਸਭਾ ਚੋਣਾ-2027 ਦੇ ਮੱਦੇਨਜ਼ਰ ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ ਦੀ ਮੈਪਿੰਗ, ਅਤਿ ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ ਦੀ ਸ਼ਨਾਖਤ ਕਰਨ ਦੇ ਦਿੱਤੇ ਆਦੇਸ਼

ਫ਼ਤਹਿਗੜ੍ਹ ਸਾਹਿਬ, 8 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਸੋਨਾ ਥਿੰਦ ਵੱਲੋਂ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਆਗਾਮੀ ਵਿਧਾਨ ਸਭਾ ਚੋਣਾ-2027 ਦੇ ਮੱਦੇਨਜ਼ਰ ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ ਦੀ ਮੈਪਿੰਗ (ਵਲਨਰੇਬਿਲਟੀ ਮੈਪਿੰਗ) ਅਤੇ ਅਤਿ ਸੰਵੇਦਨਸ਼ੀਲ (ਕ੍ਰਿਟੀਕਲ) ਪੋਲਿੰਗ ਸਟੇਸ਼ਨਾਂ ਦੀ ਸ਼ਨਾਖਤ ਕਰਨ ਨੂੰ ਲੈ ਕੇ ਵਿਸ਼ੇਸ਼ ਮੀਟਿੰਗ ਹੋਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫਸਰ ਸ਼੍ਰੀਮਤੀ ਅਮਰਬੀਰ ਕੌਰ ਭੁੱਲਰ,ਐਸ.ਪੀ. ਹਰਵੰਤ ਕੌਰ, ਐਸ.ਡੀ.ਐਮ-ਕਮ-ਰਿਟਰਨਿੰਗ ਅਫਸਰ ਫਤਹਿਗੜ੍ਹ ਸਾਹਿਬ ਕਰੁਣ ਗੁਪਤਾ, ਬਸੀ ਪਠਾਣਾ ਦੀਪਜੋਤ ਕੌਰ, ਅਮਲੋਹ ਹਰਵੀਰ ਕੌਰ, ਡੀ.ਐਸ.ਪੀ. ਫਤਹਿਗੜ੍ਹ ਸਾਹਿਬ ਕੁਲਬੀਰ ਸਿੰਘ, ਡੀ.ਐਸ.ਪੀ.ਅਮਲੋਹ ਰਾਜੇਸ ਕੁਮਾਰ, ਡੀ.ਐਸ.ਪੀ. ਖਮਾਣੋਂ ਗੁਰਮੀਤ ਸਿੰਘ,ਤਹਿਸੀਲਦਾਰ ਚੋਣਾ ਨਿਰਮਲਾ ਰਾਣੀ ਹਾਜਰ ਸਨ। ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਨੇ ਸਿਵਲ ਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਆਗਾਮੀ ਵਿਧਾਨ ਸਭਾ ਚੋਣਾਂ-2027 ਨੂੰ ਨਿਰਪੱਖ, ਪਾਰਦਰਸ਼ੀ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਜ਼ਿਲ੍ਹੇ ਦੇ ਸੰਵੇਦਨਸ਼ੀਲ ਅਤੇ ਅਤਿ ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ ਦੀ ਪਹਿਲਾਂ ਤੋਂ ਪਹਿਚਾਣ ਕਰਨ ਦੇ ਆਦੇਸ਼ ਜਾਰੀ ਕੀਤੇ। ਉਨ੍ਹਾਂ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਅਗਾਮੀ ਵਿਧਾਨ ਸਭਾ ਚੋਣਾਂ ਲਈ ਸੰਵੇਦਨਸ਼ੀਲ ਖੇਤਰਾਂ ਅਤੇ ਪੋਲਿੰਗ ਸਟੇਸ਼ਨਾਂ ਦੀ ਪਛਾਣ ਕਰਕੇ ਲੋੜੀਂਦੇ ਸੁਰੱਖਿਆ ਪ੍ਰਬੰਧ ਲਈ ਪਹਿਲਾ ਤੋਂ ਤਿਆਰੀ ਕਰ ਲਈ ਜਾਵੇ ਤਾਂ ਜੋ ਹਰੇਕ ਵੋਟਰ ਬਿਨ੍ਹਾਂ ਡਰ, ਦਬਾਅ ਜਾਂ ਕਿਸੇ ਹੋਰ ਪ੍ਰਭਾਵ ਤੋਂ ਆਪਣੀ ਵੋਟ ਦਾ ਇਸਤੇਮਾਲ ਕਰ ਸਕੇ। ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਸਮੂਹ ਆਰ.ਓਜ਼ ਅਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਵਲਨਰੇਬਿਲਟੀ ਮੈਪਿੰਗ ਦੀ ਰਿਪੋਰਟ ਸਮਾਂਬੱਧ ਢੰਗ ਨਾਲ ਮੁਕੰਮਲ ਕਰਨ ਦੀ ਹਦਾਇਤ ਕੀਤੀ ਤਾਂ ਜੋ ਹਰੇਕ ਸੰਵੇਦਨਸ਼ੀਲ ਅਤੇ ਅਤਿ ਸੰਵੇਦਨਸ਼ੀਲ ਪੋਲਿੰਗ ਬੂਥਾਂ ਦੀ ਰਿਪੋਰਟ ਚੋਣ ਕਮਿਸ਼ਨ ਪੰਜਾਬ ਨੂੰ ਭੇਜੀ ਜਾ ਸਕੇ।

ਵਾਰਿਸ ਪੰਜਾਬ ਦੇ' ਦੇ ਮੁੱਦਿਆਂ ਨਾਲ ਪੰਜਾਬ ਵਾਸੀਆਂ ਨੂੰ ਉਮੀਦ, ਅੰਮ੍ਰਿਤਪਾਲ ਸਿੰਘ ਨੂੰ CM ਚਿਹਰਾ ਮੰਨ ਚੁੱਕੇ ਲੋਕ: ਕੁਲਵਿੰਦਰ ਸਿੰਘ ਭੁਨਰਹੇੜੀ

ਪਟਿਆਲਾ, 8 ਅਕਤੂਬਰ
-ਜੀ. ਐਸ. ਤੁੰਗ-

ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੀ ਰਜਿਸਟ੍ਰੇਸ਼ਨ ਸਬੰਧੀ ਪੁੱਛੇ ਸਵਾਲ ਦੇ ਜਵਾਬ ਵਿੱਚ ਸੀਨੀਅਰ ਸਿਆਸੀ ਆਗੂ ਅਤੇ ਸਾਬਕਾ ਸਰਪੰਚ ਕੁਲਵਿੰਦਰ ਸਿੰਘ ਭੁਨਰਹੇੜੀ ਨੇ ਕਿਹਾ ਕਿ ਪੰਜਾਬ ਦੇ ਲੋਕ ਪਾਰਟੀ ਵੱਲੋਂ ਉਠਾਏ ਜਾ ਰਹੇ ਪੰਥਕ ਅਤੇ ਸਮਾਜਿਕ ਮੁੱਦਿਆਂ ਨੂੰ ਲੈ ਕੇ ਉਮੀਦ ਰੱਖਦੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਪੰਥਕ ਮੁੱਦਿਆਂ ਅਤੇ ਸਿੱਖ ਸੰਸਥਾਵਾਂ ਵਿੱਚ ਸੁਧਾਰ, ਬੰਦੀ ਸਿੰਘਾਂ ਦੀ ਰਿਹਾਈ, ਨਸ਼ਾ-ਮੁਕਤ ਪੰਜਾਬ, ਨੌਜਵਾਨਾਂ ਲਈ ਰੋਜ਼ਗਾਰ, ਕਿਸਾਨੀ ਅਤੇ 'ਨਸਲਾਂ-ਫ਼ਸਲਾਂ' ਦੀ ਸੰਭਾਲ, ਪੰਜਾਬ ਦੇ ਪਾਣੀ ਅਤੇ ਵਾਤਾਵਰਨ ਦੀ ਰੱਖਿਆ, ਗੁਣਵੱਤਾ ਵਾਲੀ ਸਿੱਖਿਆ ਤੇ ਸਿਹਤ, ਮਹਿਲਾਵਾਂ ਅਤੇ ਕਮਜ਼ੋਰ ਵਰਗਾਂ ਦੀ ਸਮਾਜਿਕ-ਆਰਥਿਕ ਸੁਰੱਖਿਆ, ਭ੍ਰਿਸ਼ਟਾਚਾਰ ਵਿਰੋਧੀ ਪਾਰਦਰਸ਼ੀ ਪ੍ਰਸ਼ਾਸਨ ਅਤੇ ਪੰਜਾਬੀ ਸੱਭਿਆਚਾਰ ਤੇ ਵਿਰਾਸਤ ਦੀ ਸੰਭਾਲ ਵਰਗੇ ਮੁੱਦਿਆਂ ਨੂੰ ਤਰਜੀਹ ਦਿੱਤੀ ਗਈ ਹੈ।

ਕੁਲਵਿੰਦਰ ਸਿੰਘ ਭੁਨਰਹੇੜੀ ਨੇ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਮੁੱਖ ਮੰਤਰੀ ਦੇ ਚਿਹਰੇ ਵਜੋਂ ਦੇਖ ਰਹੇ ਹਨ। ਉਨ੍ਹਾਂ ਕਿਹਾ ਕਿ ਇਹੀ ਕਾਰਨ ਹੈ ਕਿ ਸੱਤਾਧਾਰੀ ਆਮ ਆਦਮੀ ਪਾਰਟੀ ਨੂੰ ਇਸ ਮਾਮਲੇ ਦੀ ਚਿੰਤਾ ਵਿੱਚ ਹੈ। ਕੁਲਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਲਾਕਾ ਵਾਸੀਆਂ ਵਿੱਚ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਪ੍ਰਤੀ ਦਿਖਾਈ ਦੇ ਰਹੇ ਉਤਸ਼ਾਹ ਨੂੰ ਮੱਦੇਨਜ਼ਰ ਰੱਖਦਿਆਂ ਉਹ ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੇ ਜੁਝਾਰੂ ਅਤੇ ਪੁਰਾਣੇ ਵਰਕਰਾਂ ਵਿਚਕਾਰ ਪੈਦਾ ਹੋਈਆਂ ਵਿਚਾਰਕ ਭਿੰਨਤਾਵਾਂ ਨੂੰ ਦੂਰ ਕਰਨ ਅਤੇ ਆਪਸੀ ਤਾਲਮੇਲ ਮਜ਼ਬੂਤ ਕਰਨ ਲਈ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਉਦੇਸ਼ ਪਾਰਟੀ ਨਾਲ ਜੁੜੇ ਪੁਰਾਣੇ ਅਤੇ ਸਰਗਰਮ ਵਰਕਰਾਂ ਨੂੰ ਇੱਕ ਮੰਚ 'ਤੇ ਲਿਆ ਕੇ ਸੰਗਠਨ ਨੂੰ ਹੋਰ ਮਜ਼ਬੂਤ ਕਰਨਾ ਅਤੇ ਪੰਜਾਬ ਨਾਲ ਸਬੰਧਤ ਮੁੱਦਿਆਂ ਨੂੰ ਇਕਜੁੱਟਤਾ ਨਾਲ ਉਠਾਉਣਾ ਹੈ।

ਸਾਬਕਾ ਸਰਪੰਚ ਨੇ ਅੰਮ੍ਰਿਤਪਾਲ ਸਿੰਘ 'ਤੇ ਲਗਾਈ ਗਈ NSA ਦੀ ਮਿਆਦ ਨੂੰ ਲੈ ਕੇ ਵੀ ਪੰਜਾਬ ਸਰਕਾਰ 'ਤੇ ਸਵਾਲ ਚੁੱਕੇ। ਉਨ੍ਹਾਂ ਦਾਅਵਾ ਕੀਤਾ ਕਿ ਅੰਮ੍ਰਿਤਪਾਲ ਸਿੰਘ ਨੂੰ 2023 ਵਿੱਚ NSA ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਭੇਜਿਆ ਗਿਆ ਸੀ ਅਤੇ ਇਸ ਤੋਂ ਬਾਅਦ ਇਸ ਦੀ ਮਿਆਦ ਵਧਾਈ ਜਾਂਦੀ ਰਹੀ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਦਾ ਹਵਾਲਾ ਦਿੰਦਿਆਂ ਕੇਂਦਰੀ ਗ੍ਰਹਿ ਮੰਤਰਾਲੇ ਨੂੰ ਅੰਮ੍ਰਿਤਪਾਲ ਸਿੰਘ ਦੀ NSA ਮਿਆਦ ਹੋਰ ਵਧਾਉਣ ਸਬੰਧੀ ਪੱਤਰ ਭੇਜੇ ਜਾਣ ਦੀ ਗੱਲ ਸਾਹਮਣੇ ਆ ਰਹੀ ਹੈ। ਸਾਬਕਾ ਸਰਪੰਚ ਨੇ ਕਿਹਾ ਕਿ ਲੋਕਤੰਤਰ ਵਿੱਚ ਜਨਤਾ ਵੱਲੋਂ ਚੁਣੇ ਗਏ ਨੁਮਾਇੰਦੇ ਦੇ ਲੋਕਤੰਤਰਿਕ ਮੰਡੇਟ ਦਾ ਸਨਮਾਨ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਪਾਲ ਸਿੰਘ ਵੀ ਲੋਕਾਂ ਦੇ ਵੱਡੇ ਵੋਟ-ਮੰਡੇਟ ਨਾਲ ਚੁਣੇ ਗਏ ਹਨ ਅਤੇ ਉਨ੍ਹਾਂ ਵਿਰੁੱਧ ਚੱਲ ਰਹੇ ਮਾਮਲਿਆਂ ਦਾ ਨਿਰਣਾ ਕਾਨੂੰਨੀ ਪ੍ਰਕਿਰਿਆ ਅਨੁਸਾਰ ਹੋਣਾ ਚਾਹੀਦਾ ਹੈ। ਉਨ੍ਹਾਂ ਸਵਾਲ ਕੀਤਾ ਕਿ ਜਦੋਂ ਕਈ ਚੁਣੇ ਹੋਏ ਨੁਮਾਇੰਦਿਆਂ ਅਤੇ ਸਰਕਾਰੀ ਅਧਿਕਾਰੀਆਂ ਵਿਰੁੱਧ ਵੱਖ-ਵੱਖ ਮਾਮਲੇ ਵਿਚਾਰ ਅਧੀਨ ਰਹਿੰਦੇ ਹਨ ਤਾਂ ਅੰਮ੍ਰਿਤਪਾਲ ਸਿੰਘ ਨਾਲ ਵੱਖਰਾ ਵਿਹਾਰ ਕਿਉਂ ਕੀਤਾ ਜਾ ਰਿਹਾ ਹੈ। ਸਾਬਕਾ ਸਰਪੰਚ ਕੁਲਵਿੰਦਰ ਸਿੰਘ ਭੁਨਰਹੇੜੀ ਨੇ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਅਤੇ ਪੰਜਾਬੀਅਤ ਨਾਲ ਜੁੜੇ ਮੁੱਦਿਆਂ ਨੂੰ ਉਠਾਉਣ ਵਾਲੀ ਇੱਕ ਮਹੱਤਵਪੂਰਨ ਸਿਆਸੀ ਆਵਾਜ਼ ਦੱਸਦਿਆਂ ਕਿਹਾ ਕਿ ਉਨ੍ਹਾਂ ਅਨੁਸਾਰ ਪੰਜਾਬ ਦੇ ਮੌਜੂਦਾ ਸਮਾਜਿਕ ਅਤੇ ਸਿਆਸੀ ਮਾਹੌਲ ਨੂੰ ਬਦਲਣ ਵਿੱਚ ਅੰਮ੍ਰਿਤਪਾਲ ਸਿੰਘ ਦੀ ਭੂਮਿਕਾ ਅਹਿਮ ਹੈ। ਇਸ ਦੇ ਨਾਲ ਹੀ ਉਨ੍ਹਾਂ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੀਆਂ ਨੀਤੀਆਂ ਅਤੇ ਕਾਰਗੁਜ਼ਾਰੀ ਦੀ ਵੱਖ-ਵੱਖ ਮੁੱਦਿਆਂ 'ਤੇ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕ ਆਪਣੇ ਮੁੱਦਿਆਂ ਅਤੇ ਆਪਣੀ ਰਾਇ ਦੇ ਆਧਾਰ 'ਤੇ ਫ਼ੈਸਲਾ ਕਰਨਗੇ।

ਖੇਤੀਬਾੜੀ ਵਿਭਾਗ ਵੱਲੋਂ ਪਰਾਲੀ ਦੀ ਸੁਚੱਜੀ ਸਾਂਭ ਸੰਭਾਲ ਲਈ ਪਿੰਡ ਧੀਰਪੁਰ ਵਿਖੇ ਲਗਾਇਆ ਜਾਗਰੂਕਤਾ ਕੈਂਪ

ਫ਼ਤਹਿਗੜ੍ਹ ਸਾਹਿਬ, 8 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਵਾਤਾਵਰਨ ਦੀ ਸੰਭਾਲ ਅਤੇ ਝੋਨੇ ਦੀ ਪਰਾਲੀ ਦੀ ਸੁਚੱਜੀ ਸਾਂਭ ਸੰਭਾਲ ਲਈ ਬਲਾਕ ਖੇੜਾ ਦੇ ਪਿੰਡ ਧੀਰਪੁਰ ਵਿੱਚ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਡਾ. ਜਗਦੇਵ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ ਵਿਭਾਗ ਦੇ ਅਧਿਕਾਰੀਆਂ ਵੱਲੋਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਵਾਤਾਵਰਣ ਦੇ ਨੁਕਸਾਨ ਅਤੇ ਜਮੀਨ ਦੀ ਉਪਜਾਊ ਸ਼ਕਤੀ 'ਤੇ ਪੈਦੇ ਮਾੜੇ ਪ੍ਰਭਾਵਾ ਬਾਰੇ ਜਾਣਕਾਰੀ ਦਿੱਤੀ।

ਉਨ੍ਹਾਂ ਦੱਸਿਆ ਕਿ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਡਾ. ਗੀਤ ਵਰਮਾ ਨੇ ਕਿਸਾਨਾਂ ਨੂੰ ਫਸਲਾਂ ਦੀਆਂ ਬਿਮਾਰੀਆ ਬਾਰੇ ਜਾਣਕਾਰੀ ਦਿੱਤੀ ਅਤੇ ਜਮੀਨ ਦੀ ਸਿਹਤ ਸੁਧਾਰਨ ਅਤੇ ਹਵਾ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਪਰਾਲੀ ਨੂੰ ਖੇਤਾ ਵਿੱਚ ਹੀ ਵਾਹੁਣ ਲਈ ਪ੍ਰੇਰਿਤ ਕੀਤਾ। ਇਸਤੋਂ ਇਲਾਵਾ ਆਤਮਾ ਸਕੀਮ ਤੋਂ ਡਾ. ਜਤਿੰਦਰ ਸਿੰਘ ਨੇ ਕਿਸਾਨਾਂ ਨੂੰ ਪੰਜਾਬ ਸਰਕਾਰ ਦੀ ਉੱਨਤ ਕਿਸਾਨ ਐੱਪ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਐੱਪ ਦੀ ਵਰਤੋਂ ਕਰਕੇ ਖੇਤੀਬਾੜੀ ਲਈ ਲੋੜੀਦੀਆਂ ਆਧੁਨਿਕ ਮਸ਼ੀਨਾਂ ਨੂੰ ਕਿਰਾਏ ਤੇ ਪ੍ਰਾਪਤ ਕਰ ਸਕਦੇ ਹਨ। ਇਸ ਮੌਕੇ ਬਲਾਕ ਖੇਤੀਬਾੜੀ ਅਫਸਰ ਡਾ. ਬੂਟਾ ਸਿੰਘ, ਰਵਿੰਦਰ ਕੌਰ ਖੇਤੀਬਾੜੀ ਵਿਕਾਸ ਅਫਸਰ ਖੇੜਾ, ਡਾ. ਅਜੇ ਕੁਮਾਰ, ਖੇਤੀਬਾੜੀ ਵਿਸਥਾਰ ਅਫਸਰ ਮਨਦੀਪ ਕੌਰ,ਰਾਜਵੀਰ ਸਿੰਘ ਏ.ਟੀ.ਐੱਮ., ਡਾ.ਸੁਖਵਿੰਦਰ ਕੌਰ, ਸਰਪੰਚ ਰਣਧੀਰ ਸਿੰਘ, ਸੱਜਣ ਸਿੰਘ,ਸੁਖਜਿੰਦਰ ਸਿੰਘ, ਕੈਪਟਨ ਹਰਵਿੰਦਰ ਸਿੰਘ, ਪੰਚ ਰਣਧੀਰ ਸਿੰਘ, ਲਖਵੀਰ ਸਿੰਘ, ਨੈਬ ਸਿੰਘ, ਜਰਨੈਲ ਸਿੰਘ ਰਸੀਦਪੁਰ ਸਮੇਤ ਕਿਸਾਨ ਹਾਜਰ ਸਨ।

ਸੀਟੀ ਯੂਨੀਵਰਸਿਟੀ ਤੇ ਗ੍ਰਾਂਟ ਥੌਰਨਟਨ ਭਾਰਤ ਵਿਚਾਲੇ ਸਮਝੌਤਾ, ਉਦਯੋਗ-ਏਕੀਕ੍ਰਿਤ ਸਿੱਖਿਆ ਨੂੰ ਮਿਲੇਗਾ ਹੁਲਾਰਾ

ਲੁਧਿਆਣਾ, 8 ਅਕਤੂਬਰ
-ਜਗਮੇਲ ਸਿੰਘ ਢਿਲੋਂ-

ਸੀਟੀ ਯੂਨੀਵਰਸਿਟੀ ਨੇ ਉਦਯੋਗ-ਅਕਾਦਮਿਕ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਵਿਦਿਆਰਥੀਆਂ ਨੂੰ ਵਿਹਾਰਕ ਤੇ ਉਦਯੋਗ-ਅਨੁਕੂਲ ਹੁਨਰ ਪ੍ਰਦਾਨ ਕਰਨ ਲਈ ਗ੍ਰਾਂਟ ਥੌਰਨਟਨ ਭਾਰਤ ਨਾਲ ਸਮਝੌਤਾ ਪੱਤਰ ($ᘐ") 'ਤੇ ਦਸਤਖ਼ਤ ਕੀਤੇ।

ਇਸ ਮੌਕੇ ਕੁਲਾਧਿਪਤੀ ਸ. ਚਰਨਜੀਤ ਸਿੰਘ ਚੰਨੀ ਅਤੇ ਕੁਲਪਤੀ ਡਾ. ਨਿਤਿਨ ਟੰਡਨ ਸਮੇਤ ਦੋਵਾਂ ਸੰਸਥਾਵਾਂ ਦੇ ਅਧਿਕਾਰੀ ਮੌਜੂਦ ਰਹੇ। ਗ੍ਰਾਂਟ ਥੌਰਨਟਨ ਭਾਰਤ ਵੱਲੋਂ ਪ੍ਰਦੀਪ ਪਾਂਡੇ ਅਤੇ ਕਮਲ ਖੱਟਰ ਨੇ ਸ਼ਮੂਲੀਅਤ ਕੀਤੀ।

ਇਸ ਸਹਿਯੋਗ ਤਹਿਤ ਖ਼ਾਸ ਤੌਰ 'ਤੇ ਆਰਟੀਫਿਸ਼ੀਅਲ ਇੰਟੈਲੀਜੈਂਸ ਅਤੇ ਮਸ਼ੀਨ ਲਰਨਿੰਗ ਦੇ ਵਿਦਿਆਰਥੀਆਂ ਨੂੰ ਉਦਯੋਗਿਕ ਪ੍ਰਕਿਰਿਆਵਾਂ, ਵਿਹਾਰਕ ਪ੍ਰਾਜੈਕਟਾਂ, ਮਾਹਿਰਾਂ ਨਾਲ ਵਿਚਾਰ-ਵਟਾਂਦਰੇ ਅਤੇ ਤਜਰਬਾਤਮਕ ਸਿੱਖਿਆ ਦੇ ਮੌਕੇ ਮਿਲਣਗੇ। ਇਸ ਨਾਲ ਵਿਦਿਆਰਥੀਆਂ ਦੇ ਉਦਯੋਗ-ਅਨੁਕੂਲ ਹੁਨਰ ਵਿਕਸਿਤ ਹੋਣ ਦੇ ਨਾਲ ਰੋਜ਼ਗਾਰ ਦੇ ਮੌਕੇ ਵੀ ਵਧਣਗੇ।

ਡਾ. ਮਨਬੀਰ ਸਿੰਘ ਨੇ ਕਿਹਾ ਕਿ ਅਕਾਦਮਿਕ ਗਿਆਨ ਨੂੰ ਅਸਲ ਉਦਯੋਗਿਕ ਤਜਰਬੇ ਨਾਲ ਜੋੜਨਾ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਪੇਸ਼ੇਵਰ ਲੋੜਾਂ ਲਈ ਤਿਆਰ ਕਰਨ ਵਿੱਚ ਮਹੱਤਵਪੂਰਨ ਹੈ। ਡਾ. ਨਿਤਿਨ ਟੰਡਨ ਨੇ ਕਿਹਾ ਕਿ ਇਹ ਸਾਂਝੇਦਾਰੀ ਵਿਦਿਆਰਥੀਆਂ ਨੂੰ ਆਧੁਨਿਕ ਉਦਯੋਗਿਕ ਪ੍ਰਕਿਰਿਆਵਾਂ ਅਤੇ ਵਿਹਾਰਕ ਤਜਰਬੇ ਨਾਲ ਜੋੜ ਕੇ ਉਨ੍ਹਾਂ ਦੇ ਕਰੀਅਰ ਨੂੰ ਮਜ਼ਬੂਤ ਕਰੇਗੀ।

ਯੂਨੀਵਰਸਿਟੀ ਅਨੁਸਾਰ ਇਹ ਸਮਝੌਤਾ ਭਵਿੱਖ-ਮੁਖੀ ਸਿੱਖਿਆ ਅਤੇ ਮਜ਼ਬੂਤ ਉਦਯੋਗਿਕ ਸਾਂਝੇਦਾਰੀਆਂ ਵੱਲ ਇੱਕ ਹੋਰ ਅਹਿਮ ਕਦਮ ਹੈ।

ਬੂਥ ਇੰਚਾਰਜ ਹੀ ਪਾਰਟੀ ਦਾ ਅਸਲੀ ਲੋਕਲ ਚਿਹਰਾ, ਭਗਵੰਤ ਮਾਨ ਨੂੰ ਮੁੜ ਮੁੱਖ ਮੰਤਰੀ ਬਣਾਉਣ ਲਈ ਜ਼ਮੀਨੀ ਪੱਧਰ ਤੇ ਜੁਟਣ ਵਰਕਰ: ਮਨੀਸ਼ ਸਿਸੋਦੀਆ

ਸਨੌਰ,8 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਮ ਆਦਮੀ ਪਾਰਟੀ ਵੱਲੋਂ ਸੰਗਠਨ ਦੀ ਮਜ਼ਬੂਤੀ ਅਤੇ ਆਗਾਮੀ ਚੋਣ ਸਰਗਰਮੀਆਂ ਦੇ ਮੱਦੇਨਜ਼ਰ ਬਲਾਕ ਪ੍ਰਧਾਨਾਂ ਅਤੇ ਬੂਥ ਇੰਚਾਰਜਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵਰਕਰਾਂ ਦੇ ਵਿਸ਼ਾਲ ਇਕੱਠ ਅਤੇ ਬੂਥ ਇੰਚਾਰਜਾਂ ਦੀ 100 ਫ਼ੀਸਦੀ ਹਾਜ਼ਰੀ ਨੂੰ ਦੇਖਦਿਆਂ ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਹਡਾਣਾ ਦੀ ਜੰਮ ਕੇ ਸਿਫ਼ਤ ਕੀਤੀ। ਉਨ੍ਹਾਂ ਹਡਾਣਾ ਦੀ ਮਿਹਨਤ, ਬਿਹਤਰੀਨ ਸੰਗਠਨ ਪ੍ਰਣਾਲੀ ਅਤੇ ਅਗਵਾਈ ਦੀ ਖੁੱਲ੍ਹ ਕੇ ਤਾਰੀਫ਼ ਕਰਦਿਆਂ ਕਿਹਾ ਕਿ ਹਡਾਣਾ ਵੱਲੋਂ ਕੀਤੀ ਗਈ ਦਿਨ-ਰਾਤ ਦੀ ਮਿਹਨਤ ਦਾ ਹੀ ਨਤੀਜਾ ਹੈ ਕਿ ਅੱਜ ਏਨਾ ਵੱਡਾ ਇਕੱਠ ਜੁੜਿਆ ਹੈ ਅਤੇ ਸੌ ਫ਼ੀਸਦੀ ਬੂਥ ਇੰਚਾਰਜ ਹਾਜ਼ਰ ਹੋਏ ਹਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮਨੀਸ਼ ਸਿਸੋਦੀਆ ਨੇ ਕਿਹਾ ਕਿ ਭਗਵੰਤ ਮਾਨ ਨੂੰ ਦੁਬਾਰਾ ਮੁੱਖ ਮੰਤਰੀ ਬਣਾਉਣ ਲਈ ਅਗਲੇ ਦੋ-ਤਿੰਨ ਮਹੀਨੇ ਦਿਨ-ਰਾਤ ਮਿਹਨਤ ਕਰਨ ਦਾ ਸਮਾਂ ਹੈ। ਉਨ੍ਹਾਂ ਯਾਦ ਕਰਵਾਇਆ ਕਿ 2022 ਵਿੱਚ ਇਹਨਾਂ ਮਿਹਨਤੀ ਵਲੰਟੀਅਰਾਂ ਨੇ ਹੀ ਪਾਰਟੀ ਦੀ ਮਜ਼ਬੂਤੀ ਲਈ ਦਿਨ

70ਵੀਂਆ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਅੰਡਰ-17 ਲੜਕੀਆਂ ਦੇ ਸਕੁਐਸ਼ ਦੇ ਮੁਕਾਬਲੇ ਕਰਵਾਏ ਗਏ

ਪਟਿਆਲਾ, 8 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ-17 ਲੜਕੀਆਂ ਦੇ ਸਕੁਐਸ਼ ਦੇ ਮੁਕਾਬਲੇ ਪਬਲਿਕ ਕਾਲਜ ਸਮਾਣਾ ਵਿਖੇ ਕਰਵਾਏ ਗਏ।ਅੰਡਰ-17 ਲੜਕੀਆਂ ਦੇ ਹੋਏ ਮੁਕਾਬਲਿਆਂ ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਪਹਿਲਾ,ਪਟਿਆਲੇ ਨੇ ਦੂਜਾ ਤੇ ਲੁਧਿਆਣੇ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ ।

ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਨੇ ਉਚੇਚੇ ਤੌਰ ਤੇ ਪਬਲਿਕ ਕਾਲਜ ਸਮਾਣਾ ਵਿਖੇ ਪਹੁੰਚ ਕੇ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਕੀਤਾ।

ਇਸ ਮੌਕੇ ਤੇ ਲੈਕ. ਸੁਖਵੰਤ ਸਿੰਘ, ਬਲਵਿੰਦਰ ਸਿੰਘ ਜੱਸਲ ਜੋਨਲ ਸਕੱਤਰ ਪਟਿ-2, ਗੁਰਪ੍ਰੀਤ ਸਿੰਘ ਟਿਵਾਣਾ ਜੋਨਲ ਸਕੱਤਰ ਭਾਦਸੋਂ,ਗੁਰਪ੍ਰੀਤ ਸਿੰਘ ਝੰਡਾ, ਬਲਜੀਤ ਕੌਰ,ਅਮਨਦੀਪ ਕੌਰ,ਭੁਪਿੰਦਰ ਸਿੰਘ,ਗੁਰਪ੍ਰੀਤ ਸਿੰਘ ਧਨੇਠਾ,ਜੈਤਸ਼ਾਹੂਦੀਪ ਸਿੰਘ ਗਰੇਵਾਲ, ਗੁਰਪ੍ਰੀਤ ਸਿੰਘ ਬਾਜਵਾ ਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

ਗੁਰ ਅਸੀਸ, ਮਹਿਰੀਨ, ਹਰਨੀਧ ਅਤੇ ਮਨਕੀਰਤ ਦਾ ਜ਼ਿਲ੍ਹਾ ਪੱਧਰੀ ਫੈਂਸਿੰਗ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ

ਪਟਿਆਲਾ, 8 ਅਕਤੂਬਰ
-ਬਲਜੀਤ ਸਰਨਾ-

ਪੰਜਾਬ ਸਰਕਾਰ ਵੱਲੋਂ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਦੇ ਮਕਸਦ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਸਥਾਨਕ ਪੋਲੋ ਗਰਾਊਂਡ ਵਿਖੇ ਜ਼ਿਲ੍ਹਾ ਪੱਧਰੀ ਫੈਂਸਿੰਗ ਟੂਰਨਾਮੈਂਟ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਹ ਮੁਕਾਬਲੇ ਜ਼ਿਲ੍ਹਾ ਖੇਡ ਅਫ਼ਸਰ ਪਟਿਆਲਾ ਸ੍ਰੀ ਨਵਜੋਤ ਸਿੰਘ ਧਾਲੀਵਾਲ ਦੀ ਯੋਗ ਅਗਵਾਈ ਹੇਠ ਸਫ਼ਲਤਾਪੂਰਵਕ ਨੇਪਰੇ ਚੜ੍ਹੇ। ਟੂਰਨਾਮੈਂਟ ਦੌਰਾਨ ਜ਼ਿਲ੍ਹੇ ਦੇ ਨੌਜਵਾਨ ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ ਅਤੇ ਹੁਨਰ ਦਾ ਬਿਹਤਰੀਨ ਪ੍ਰਦਰਸ਼ਨ ਕੀਤਾ। ਟੂਰਨਾਮੈਂਟ ਦੇ ਅੰਡਰ-14 ਉਮਰ ਵਰਗ ਦੇ ਨਤੀਜੇ ਐਲਾਨਦਿਆਂ ਅਧਿਕਾਰੀਆਂ ਨੇ ਦੱਸਿਆ ਕਿ ਲੜਕੀਆਂ ਦੇ ਸੈਬਰ ਈਵੈਂਟ ਵਿੱਚ ਸਖ਼ਤ ਮੁਕਾਬਲੇ ਤੋਂ ਬਾਅਦ ਮਹਿਰੀਨ ਕੌਰ ਪੁੱਤਰੀ ਸ੍ਰੀ ਮਨਦੀਪ ਸਿੰਘ ਅਤੇ ਹਰਨੀਧ ਕੌਰ ਪੁੱਤਰੀ ਸ੍ਰੀ ਜਗਮੀਤ ਸਿੰਘ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਕਾਂਸੀ ਦੇ ਤਮਗ਼ੇ ਜਿੱਤੇ। ਇਸੇ ਤਰ੍ਹਾਂ ਅੰਡਰ-14 ਲੜਕਿਆਂ ਦੇ ਫੋਆਇਲ ਈਵੈਂਟ ਵਿੱਚ ਮਨਕੀਰਤ ਸਿੰਘ ਮਲੌਣ ਪੁੱਤਰ ਸ੍ਰੀ ਮਨਪ੍ਰੀਤ ਸਿੰਘ ਨੇ ਬਿਹਤਰੀਨ ਤਕਨੀਕੀ ਮੁਹਾਰਤ ਵਿਖਾਉਂਦਿਆਂ ਕਾਂਸੀ ਦਾ ਤਮਗ਼ਾ ਆਪਣੇ ਨਾਮ ਕੀਤਾ। ਅੰਡਰ-14 ਲੜਕੀਆਂ ਦੇ ਫੋਆਇਲ ਈਵੈਂਟ ਵਿੱਚ ਗੁਰ ਅਸੀਸ ਕੌਰ ਪੁੱਤਰੀ ਸ੍ਰੀ ਸੁਰਿੰਦਰ ਸਿੰਘ ਨੇ ਦਮਦਾਰ ਖੇਡ ਜ਼ਰੀਏ ਕਾਂਸੀ ਦਾ ਤਮਗ਼ਾ ਹਾਸਲ ਕਰਕੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ। ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਨਵਜੋਤ ਸਿੰਘ ਧਾਲੀਵਾਲ ਨੇ ਜੇਤੂ ਖਿਡਾਰੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਬੱਚਿਆਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਲਈ ਵਿਸ਼ੇਸ਼ ਤੌਰ 'ਤੇ ਕੋਚ ਸ੍ਰੀਮਤੀ ਮਮਤਾ ਰਾਣੀ, ਸ੍ਰੀਮਤੀ ਨਵਦੀਪ ਕੌਰ, ਸ੍ਰੀ ਅਰਜੁਨ, ਸ੍ਰੀ ਦੀਪਕ ਸੋਨੀ ਸਮੇਤ ਖੇਡ ਵਿਭਾਗ ਦੇ ਹੋਰ ਕੋਚ ਸਾਹਿਬਾਨ ਅਤੇ ਪਤਵੰਤੇ ਹਾਜ਼ਰ ਸਨ।

ਮੇਰਾ ਘਰ ਮੇਰੇ ਨਾਮ ਸਕੀਮ ਤਹਿਤ ਵੰਡੇ ਕਾਰਡ, ਸਰਕਾਰ ਨੇ ਕੀਤੇ ਸਾਰੇ ਵਾਅਦੇ ਪੂਰੇ : ਵਿਧਾਇਕ ਦਿਆਲਪੁਰਾ

ਮਾਛੀਵਾੜਾ ਸਾਹਿਬ, 8 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਬਲਾਕ ਮਾਛੀਵਾੜਾ ਨਜ਼ਦੀਕੀ ਪਿੰਡ ਮਾਜਰੀ ਸਿੱਖਾਂ ਵਿਖੇ ਮੇਰਾ ਘਰ ਮੇਰੇ ਨਾਮ ਸਕੀਮ ਤਹਿਤ 61 ਪਰਿਵਾਰਾਂ ਨੂੰ ਮਾਲਕਾਨਾ ਹੱਕ ਦਿੰਦਿਆਂ ਕਾਰਡ ਸੌਂਪੇ ਗਏ। ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਤਹਿਸੀਲਦਾਰ ਹਰਕੀਰਤ ਸਿੰਘ ਵਿਸ਼ੇਸ਼ ਤੌਰ ਤੇ ਪਿੰਡ ਮਾਜਰੀ ਸਿੱਖਾਂ ਪੁੱਜੇ ਜਿੱਥੇ ਉਹਨਾਂ 61 ਪਰਿਵਾਰਾਂ ਨੂੰ ਕਾਰਡ ਸੌਂਪੇ।

ਇਸ ਮੌਕੇ ਹਲਕਾ ਵਿਧਾਇਕ ਸਿੰਦਿਆਲਪੁਰਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਸਾਢੇ ਚਾਰ ਸਾਲ ਦੇ ਸਮੇਂ ਦੌਰਾਨ ਜਨਤਾ ਨਾਲ ਕੀਤੇ ਗਏ ਹਰ ਵਾਅਦੇ ਨੂੰ ਪਹਿਲ ਦੇ ਅਧਾਰ ਤੇ ਪੂਰਾ ਕੀਤਾ ਹੈ, ਤੇ ਆਪਣੇ ਘਰਾਂ ਦੇ ਮਾਲਕਾਨਾ ਹੱਕ ਲੈਣ ਲਈ ਪੰਜਾਬ ਸਰਕਾਰ ਦੇ ਵਾਅਦਿਆਂ ਵਿੱਚ ਇਹ ਵਾਅਦਾ ਵੀ ਸਮਾਂ ਰਹਿੰਦੇ ਪੂਰਾ ਕਰ ਲਿਆ ਗਿਆ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਕੀਤੇ ਗਏ ਕੰਮਾਂ ਨੂੰ ਦੇਖਦਿਆਂ ਵਿਰੋਧੀਆਂ ਕੋਲ ਕੋਈ ਵੀ ਮੁੱਦਾ ਨਹੀਂ ਰਹਿ ਗਿਆ ਹੈ, ਇਸ ਲਈ ਉਹ ਸਰਕਾਰ ਵਿਰੁੱਧ ਕੂੜ ਪ੍ਰਚਾਰ ਕਰਨ ਤੇ ਤੁਲੇ ਹੋਏ ਹਨ। ਇਸ ਮੌਕੇ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਆਪ ਆਗੂ ਪ੍ਰਵੀਨ ਮੱਕੜ, ਸਰਪੰਚ ਗੁਰਵਿੰਦਰ ਸਿੰਘ ਬੱਬੂ ਵੀ ਮੌਜੂਦ ਸਨ।

ਚੰਡੀਗੜ੍ਹ ਪ੍ਰਸ਼ਾਸਨ ਨੇ ਮਨੀਮਾਜਰਾ ਦੇ ਸ਼ਾਸਤਰੀ ਨਗਰ ਵਿੱਚ ਖੇਤੀਬਾੜੀ ਵਾਲੀ ਭੂਮੀ 'ਤੇ ਬਣੇ 80 ਅਣਅਧਿਕਾਰਿਤ ਢਾਂਚੇ ਢਾਹੇ

ਚੰਡੀਗੜ੍ਹ, 8 ਅਕਤੂਬਰ
-ਸੰਜੀਵ ਸ਼ਰਮਾ-

ਯੂ.ਟੀ. ਚੰਡੀਗੜ੍ਹ ਦੇ ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐੱਸ ਦੇ ਆਦੇਸ਼ਾਂ 'ਤੇ ਚੰਡੀਗੜ੍ਹ ਪ੍ਰਸ਼ਾਸਨ ਨੇ ਅੱਜ ਪਿੰਡ ਸ਼ਾਸਤਰੀ ਨਗਰ, ਮਨੀਮਾਜਰਾ ਦੇ ਪੈਰੀਫੇਰੀ ਖੇਤਰ ਵਿੱਚ ਸਥਿਤ ਮੱਛੀ,ਚਿਕਨ ਅਤੇ ਮੀਟ ਮਾਰਕਿਟ ਵਿੱਚ ਖੇਤੀਬਾੜੀ ਵਾਲੀ ਭੂਮੀ 'ਤੇ ਬਣੇ ਅਣਅਧਿਕਾਰਿਤ ਨਿਰਮਾਣਾਂ ਦੇ ਖ਼ਿਲਾਫ਼ ਢਾਹੁਣ ਦੀ ਕਾਰਵਾਈ ਕੀਤੀ।ਇਹ ਕਾਰਵਾਈ ਸਵੇਰੇ 7:00 ਵਜੇ ਸ਼ੁਰੂ ਹੋਈ।

ਇਸ ਲਈ ਅਧਿਕਾਰੀ ਆਈਟੀ ਪਾਰਕ ਪੁਲਿਸ ਸਟੇਸ਼ਨ ਵਿੱਚ ਇਕੱਠੇ ਹੋਏ। ਮੁਹਿੰਮ ਦੇ ਸੁਚਾਰੂ ਸੰਚਾਲਨ ਲਈ ਵਿਭਿੰਨ ਵਿਭਾਗਾਂ ਦੇ ਅਧਿਕਾਰੀਆਂ ਨੂੰ ਵਿਸ਼ੇਸ਼ ਜ਼ਿੰਮੇਦਾਰੀਆਂ ਸੌਂਪੀਆਂ ਗਈਆਂ ਸਨ:

ਮਹਿਲਾ ਕਾਂਸਟੇਬਲਾਂ ਸਹਿਤ ਬੜੀ ਸੰਖਿਆ ਵਿੱਚ ਪੁਲਿਸ ਬਲ ਤੈਨਾਤ ਕੀਤਾ ਗਿਆ। ਇਸ ਦੀ ਨਿਗਰਾਨੀ ਲਈ ਡੀਐੱਸਪੀ ਪੱਧਰ ਦੇ ਅਧਿਕਾਰੀ ਪੂਰੀ ਕਾਰਵਾਈ ਦੇ ਦੌਰਾਨ ਉਪਸਥਿਤ ਰਹੇ। ਐੱਸਡੀਐੱਮ (ਈਸਟ) ਨੇ ਕਾਨੂੰਨ-ਵਿਵਸਥਾ ਦੀ ਨਿਗਰਾਨੀ ਕੀਤੀ ਅਤੇ ਪੁਲਿਸ ਨਾਲ ਤਾਲਮੇਲ ਕੀਤਾ।

ਢਾਹੁਣ ਦੀ ਕਾਰਵਾਈ: ਤਹਿਸੀਲਦਾਰ ਅਤੇ ਨਾਇਬ ਤਹਿਸੀਲਦਾਰ (ਪੈਰੀਫੇਰੀ) ਨੇ ਇਨਫੋਰਸਮੈਂਟ ਸਟਾਫ਼ ਦੇ ਨਾਲ ਮਿਲ ਕੇ ਢਾਹੁਣ ਦੀ ਕਾਰਵਾਈ ਕੀਤੀ। ਇਸਟੇਟ ਆਫ਼ਿਸ ਦੇ ਤਹਿਸੀਲਦਾਰ (ਇਨਫੋਰਸਮੈਂਟ) ਨੇ ਨਿਗੀਖਣ ਸਟਾਫ਼, ਮਜ਼ਦੂਰਾਂ ਅਤੇ ਟਰੱਕਾਂ ਦੀ ਵਿਵਸਥਾ ਦੇ ਜ਼ਰੀਏ ਸਹਿਯੋਗ ਦਿੱਤਾ।

ਸਥਲ ਦੀ ਨਿਗਰਾਨੀ: ਤਹਿਸੀਲਦਾਰ (ਮਾਲ/ਰੈਵੇਨਿਊ) ਫੀਲਡ ਸਟਾਫ਼ ਦੇ ਨਾਲ ਮੌਕੇ 'ਤੇ ਉਪਸਥਿਤ ਰਹੇ।

ਲੌਜਿਸਟਿਕਸ: ਇਸਟੇਟ ਆਫ਼ਿਸ ਦੇ ਸੁਪਰਡੈਂਟ (ਸਟੋਰ) ਨੇ ਤੈਨਾਤ ਕਰਮੀਆਂ ਲਈ ਦੋ ਜੇਸੀਬੀ ਮਸ਼ੀਨਾਂ, ਪੀਣ ਵਾਲੇ ਪਾਣੀ ਅਤੇ ਖਾਣ-ਪੀਣ ਦੇ ਸਮਾਨ ਦੀ ਵਿਵਸਥਾ ਕੀਤੀ।

ਸਹਿਯੋਗ: ਸਿਵਲ ਡਿਫੈਂਸ ਦੇ ਕਰਮੀਆਂ ਨੇ ਵੀ ਇਸ ਕਾਰਵਾਈ ਵਿੱਚ ਸਹਿਯੋਗ ਦਿੱਤਾ।

ਇਹਤਿਆਤ ਦੇ ਤੌਰ 'ਤੇ ਬਿਜਲੀ ਸਰਕਲ ਅਤੇ ਸਬੰਧਿਤ ਐੱਸਡੀਓ (ਬਿਜਲੀ ਅਤੇ ਪਾਣੀ) ਵੱਲੋਂ ਇਸ ਖੇਤਰ ਵਿੱਚ ਬਿਜਲੀ ਅਤੇ ਪਾਣੀ ਦੇ ਕਨੈਕਸ਼ਨ ਪਹਿਲਾਂ ਹੀ ਕੱਟ ਦਿੱਤੇ ਗਏ ਸਨ।

ਇਸ ਮੁਹਿੰਮ ਦੇ ਦੌਰਾਨ 80 ਅਣਅਧਿਕਾਰਿਤ ਢਾਂਚੇ ਢਾਹ ਕੇ ਲਗਭਗ 6 ਏਕੜ ਖੇਤੀਬਾੜੀ ਵਾਲੀ ਭੂਮੀ ਨੂੰ ਨਾਜਾਇਜ਼ ਕਬਜ਼ੇ ਤੋਂ ਮੁਕਤ ਕਰਵਾਇਆ ਗਿਆ। ਇਹ ਪੂਰੀ ਕਾਰਵਾਈ ਸ਼ਾਂਤੀਪੂਰਵਕ ਸੰਪੰਨ ਹੋਈ।

ਪ੍ਰਸ਼ਾਸਨ ਨੇ ਦੁਹਰਾਇਆ ਕਿ ਸ਼ਹਿਰ ਅਤੇ ਇਸ ਦੇ ਪੈਰੀਫੇਰੀ ਖੇਤਰਾਂ ਵਿੱਚ ਅਣਅਧਿਕਾਰਿਤ ਨਿਰਮਾਣਾਂ ਅਤੇ ਨਾਜਾਇਜ਼ ਕਬਜ਼ਿਆਂ ਦੇ ਖ਼ਿਲਾਫ਼ ਸਖ਼ਤ ਕਾਰਵਾਈ ਜਾਰੀ ਰਹੇਗੀ।

ਪਟਿਆਲਾ ਵਾਸੀਆਂ ਨੂੰ ਵੱਡੀ ਰਾਹਤ, ਸੁਪਰੀਮ ਕੋਰਟ ਦੇ ਫੈਸਲੇ ਦਾ ਮੋਹਿਤ ਮੋਹਿੰਦਰਾ ਵੱਲੋਂ ਸਵਾਗਤ

ਪਟਿਆਲਾ, 8 ਅਕਤੂਬਰ
-ਛਤਰਪਾਲ ਸਿੰਘ-

ਪਟਿਆਲਾ ਨਗਰ ਨਿਗਮ ਦੇ ਚੋਣ ਮਾਮਲੇ ਸਬੰਧੀ ਮਾਣਯੋਗ ਸੁਪਰੀਮ ਕੋਰਟ ਵੱਲੋਂ ਦਿੱਤੇ ਇਤਿਹਾਸਕ ਫੈਸਲੇ ਦਾ ਸਾਬਕਾ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮੋਹਿੰਦਰਾ ਨੇ ਸਵਾਗਤ ਕਰਦਿਆਂ ਇਸ ਨੂੰ ਪਟਿਆਲਾ ਵਾਸੀਆਂ ਦੀ ਵੱਡੀ ਜਿੱਤ ਕਰਾਰ ਦਿੱਤਾ ਹੈ। ਮੋਹਿਤ ਮੋਹਿੰਦਰਾ ਨੇ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ ਨੇ ਮਾਮਲੇ ਵਿੱਚ ਗੰਭੀਰਤਾ ਦਿਖਾਉਂਦਿਆਂ ਜਿਨ੍ਹਾਂ ਵਾਰਡਾਂ ਵਿੱਚ ਚੋਣ ਪ੍ਰਕਿਰਿਆ ਨੂੰ ਗੈਰ-ਕਾਨੂੰਨੀ ਪਾਇਆ ਗਿਆ ਹੈ, ਉੱਥੇ ਛੇ ਹਫ਼ਤਿਆਂ ਦੇ ਅੰਦਰ ਚੋਣ ਪ੍ਰਕਿਰਿਆ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਇਹ ਫੈਸਲਾ ਪਟਿਆਲਾ ਵਾਸੀਆਂ ਦੇ ਲੋਕਤੰਤਰੀ ਹੱਕਾਂ ਦੀ ਜਿੱਤ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਸ਼ਹਿਰ ਦੇ ਲੋਕਾਂ ਦੀਆਂ ਭਾਵਨਾਵਾਂ ਅਤੇ ਉਨ੍ਹਾਂ ਦੀ ਇੱਛਾ ਅਨੁਸਾਰ ਹੀ ਕਾਂਗਰਸ ਪਾਰਟੀ ਆਪਣੀ ਅਗਲੀ ਰਣਨੀਤੀ ਤੈਅ ਕਰੇਗੀ। ਉਨ੍ਹਾਂ ਆਸ ਪ੍ਰਗਟਾਈ ਕਿ ਆਉਣ ਵਾਲੇ ਛੇ ਹਫ਼ਤਿਆਂ ਵਿੱਚ ਹੋਣ ਵਾਲੀ ਚੋਣ ਪ੍ਰਕਿਰਿਆ ਨੂੰ ਸਰਕਾਰ ਪੂਰੀ ਪਾਰਦਰਸ਼ਤਾ ਅਤੇ ਨਿਰਪੱਖਤਾ ਨਾਲ ਕਰਵਾਏਗੀ। ਮੋਹਿਤ ਮੋਹਿੰਦਰਾ ਨੇ ਕਿਹਾ ਕਿ ਉਹ ਪਰਮ ਪਿਤਾ ਪਰਮਾਤਮਾ ਦਾ ਧੰਨਵਾਦ ਕਰਦੇ ਹਨ ਅਤੇ ਇਸ ਮੌਕੇ 'ਤੇ ਕਾਂਗਰਸ ਪਾਰਟੀ ਦੇ ਸਮੁੱਚੇ ਪਰਿਵਾਰ ਅਤੇ ਖਾਸ ਤੌਰ 'ਤੇ ਪਟਿਆਲਾ ਵਾਸੀਆਂ ਦਾ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਲੋਕਤੰਤਰ ਅਤੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕੀਤੀ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਦਾ ਇਹ ਫੈਸਲਾ ਪਟਿਆਲਾ ਵਾਸੀਆਂ ਦੀ ਬਹੁਤ ਵੱਡੀ ਜਿੱਤ ਹੈ।

ਪੰਜਾਬ ਦੇ ਰਾਜਪਾਲ ਨੇ ਚਿਨਮਯਾ ਅੰਮ੍ਰਿਤ ਵਾਹਿਨੀ ਦਾ ਕੀਤਾ ਸਵਾਗਤ; ਸੰਤਾਂ-ਮਹਾਂਪੁਰਖਾਂ ਦੀਆਂ ਸਿੱਖਿਆਵਾਂ ਸਮਾਜ ਲਈ ਪ੍ਰੇਰਨਾ ਦਾ ਸਰੋਤ: ਗੁਲਾਬ ਚੰਦ ਕਟਾਰੀਆ

ਪਟਿਆਲਾ, 8 ਅਕਤੂਬਰ
-ਛਤਰਪਾਲ ਸਿੰਘ-

ਚਿਨਮਯਾ ਮਿਸ਼ਨ ਦੀ ਸਥਾਪਨਾ ਦੇ 75 ਸਾਲ ਪੂਰੇ ਹੋਣ ਦੇ ਮੌਕੇ 'ਤੇ ਪਟਿਆਲਾ ਵਿਖੇ 'ਚਿਨਮਯਾ ਅੰਮ੍ਰਿਤ ਮਹਾਉਤਸਵ' ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਚਿਨਮਯਾ ਅੰਮ੍ਰਿਤ ਵਾਹਿਨੀ ਦਾ ਵੀ ਭਰਵਾਂ ਸਵਾਗਤ ਕੀਤਾ ਗਿਆ।

ਚਿਨਮਯਾ ਅੰਮ੍ਰਿਤ ਵਾਹਿਨੀ ਵਿੱਚ ਪੂਜਨੀਕ ਗੁਰੂਦੇਵ ਸਵਾਮੀ ਚਿਨਮਯਾਨੰਦ ਜੀ ਦੀ ਪਵਿੱਤਰ ਮੂਰਤੀ ਅਤੇ ਪਾਦੁਕਾ ਸ਼ਾਮਲ ਹਨ, ਜੋ ਪਿਛਲੇ ਇੱਕ ਸਾਲ ਤੋਂ ਪੂਰੇ ਦੇਸ਼ ਵਿੱਚ ਧਾਰਮਿਕ ਯਾਤਰਾ ਕਰਦੀਆਂ ਹੋਈਆਂ ਪਟਿਆਲਾ ਪਹੁੰਚੀਆਂ। ਇਸ ਮੌਕੇ ਸੰਗਤ ਅਤੇ ਚਿਨਮਯਾ ਮਿਸ਼ਨ ਦੇ ਮੈਂਬਰਾਂ ਵੱਲੋਂ ਸ਼ਰਧਾ ਅਤੇ ਉਤਸ਼ਾਹ ਨਾਲ ਵਾਹਿਨੀ ਦਾ ਸਵਾਗਤ ਕੀਤਾ ਗਿਆ।

ਸਮਾਗਮ ਦੌਰਾਨ ਚਿਨਮਯਾ ਮਿਸ਼ਨ ਨੌਇਡਾ ਦੇ ਆਚਾਰਿਆ ਸਵਾਮੀ ਚਿਦਰੂਪਾਨੰਦ ਨੇ ਸੰਬੋਧਨ ਕਰਦਿਆਂ ਕਿਹਾ ਕਿ ਚਿਨਮਯਾ ਮਿਸ਼ਨ ਨੇ ਪੂਜਨੀਕ ਸਵਾਮੀ ਚਿਨਮਯਾਨੰਦ ਜੀ ਦੀ ਤਪੱਸਿਆ, ਗਿਆਨ ਅਤੇ ਵਿਚਾਰਧਾਰਾ ਨੂੰ ਦੇਸ਼-ਵਿਦੇਸ਼ ਵਿੱਚ ਲੋਕਾਂ ਤੱਕ ਪਹੁੰਚਾਉਣ ਲਈ ਮਹੱਤਵਪੂਰਨ ਯਤਨ ਕੀਤੇ ਹਨ। ਉਨ੍ਹਾਂ ਕਿਹਾ ਕਿ ਮਿਸ਼ਨ ਦੇ ਕੇਂਦਰ ਪੂਰੇ ਦੇਸ਼ ਵਿੱਚ ਹੀ ਨਹੀਂ, ਸਗੋਂ ਵਿਦੇਸ਼ਾਂ ਵਿੱਚ ਵੀ ਮੌਜੂਦ ਹਨ ਅਤੇ ਵੱਡੀ ਗਿਣਤੀ ਵਿੱਚ ਲੋਕ ਇਸ ਨਾਲ ਜੁੜੇ ਹੋਏ ਹਨ।

ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਭਾਰਤ ਦਾ ਇਹ ਸੁਭਾਗ ਹੈ ਕਿ ਇੱਥੋਂ ਦੀ ਮਹਾਨ ਆਧਿਆਤਮਿਕ ਅਤੇ ਸੱਭਿਆਚਾਰਕ ਵਿਰਾਸਤ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਸੰਤਾਂ ਅਤੇ ਮਹਾਂਪੁਰਖਾਂ ਵੱਲੋਂ ਨਿਰੰਤਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਭਗਵਦ ਗੀਤਾ ਅਤੇ ਰਾਮਾਇਣ ਵਰਗੇ ਮਹਾਨ ਗ੍ਰੰਥਾਂ ਦੀਆਂ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਉਣਾ ਸਮੇਂ ਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਮਨੁੱਖ ਨੂੰ ਸਭ ਤੋਂ ਪਹਿਲਾਂ ਆਪਣੇ ਆਪ 'ਤੇ ਜਿੱਤ ਪ੍ਰਾਪਤ ਕਰਨੀ ਚਾਹੀਦੀ ਹੈ ਅਤੇ ਇਸ ਤੋਂ ਬਾਅਦ ਹੀ ਦੂਜਿਆਂ 'ਤੇ ਜਿੱਤ ਦੀ ਗੱਲ ਆਉਂਦੀ ਹੈ। ਉਨ੍ਹਾਂ ਗੁਰੂ ਨਾਨਕ ਦੇਵ ਜੀ ਦੀ ਬਾਣੀ ਵਿੱਚੋਂ 'ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ' ਦੇ ਸਿਧਾਂਤ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਾਨੂੰ ਇਨ੍ਹਾਂ ਮਹਾਨ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ।

ਸ੍ਰੀ ਕਟਾਰੀਆ

ਭਗਵੰਤ ਮਾਨ ਪੰਜਾਬ ਦੇ ਸੱਚੇ ਸਪੂਤ, ਵਿਰੋਧੀਆਂ ਨੂੰ ਮੁੱਖ ਮੰਤਰੀ ਦੀ ਲੋਕਪ੍ਰਿਯਤਾ ਬਰਦਾਸ਼ਤ ਨਹੀਂ: ਤਰੁਨਪ੍ਰੀਤ ਸਿੰਘ ਸੌਂਦ

➢ ਬਿਜਲੀ ਮੰਤਰੀ ਸੌਂਦ ਨੇ ਦਿੱਤੂਪੁਰ ਜੱਟਾਂ ਵਿਖੇ ਟਿਵਾਣਾ ਖੇਡ ਮੇਲੇ 'ਚ ਕਬੱਡੀ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ

➢ ਸੂਬੇ 'ਚ 3100 ਪੇਂਡੂ ਖੇਡ ਮੈਦਾਨਾਂ ਰਾਹੀਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਕੀਤਾ ਜਾ ਰਿਹਾ

ਭਾਦਸੋਂ, ਪਟਿਆਲਾ, ੪ ਅਕਤੂਬਰ
-ਜੀ. ਐਸ. ਤੂੰਗ-

ਪੰਜਾਬ ਦੇ ਬਿਜਲੀ, ਪੇਂਡੂ ਵਿਕਾਸ ਤੇ ਪੰਚਾਇਤ, ਕਿਰਤ, ਪ੍ਰਾਹੁਣਚਾਰੀ ਅਤੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਹੈ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਅਤੇ ਪੰਜਾਬੀਆਂ ਦੀ ਭਲਾਈ ਲਈ ਅਨੇਕਾਂ ਇਤਿਹਾਸਕ ਪਹਿਲਕਦਮੀਆਂ ਕਰਕੇ ਪੰਜਾਬ ਦੇ ਸੱਚੇ ਸਪੂਤ ਹੋਣ ਦਾ ਸਬੂਤ ਦਿੱਤਾ ਹੈ। ਸ. ਸੌਂਦ ਅੱਜ ਸ਼ਾਮ ਭਾਦਸੋਂ ਨੇੜਲੇ ਪਿੰਡ ਦਿੱਤੂਪੁਰ ਜੱਟਾਂ ਵਿਖੇ 58ਵੇਂ ਸਾਲਾਨਾ ਤਿੰਨ ਰੋਜ਼ਾ ਟਿਵਾਣਾ ਖੇਡ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਪਹੁੰਚੇ ਸਨ। ਇਸ ਮੌਕੇ ਉਨ੍ਹਾਂ ਦੇ ਨਾਲ 'ਆਪ' ਦੇ ਸੀਨੀਅਰ ਆਗੂ ਕਰਨਵੀਰ ਸਿੰਘ ਟਿਵਾਣਾ ਅਤੇ ਮਾਰਕੀਟ ਕਮੇਟੀ ਨਾਭਾ ਦੇ ਚੇਅਰਮੈਨ ਗੁਰਦੀਪ ਸਿੰਘ ਟਿਵਾਣਾ ਵੀ ਮੌਜੂਦ ਸਨ।

ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਵਿਰੋਧੀਆਂ ਨੂੰ ਸ. ਭਗਵੰਤ ਸਿੰਘ ਮਾਨ ਦੀ ਲੋਕਪ੍ਰਿਯਤਾ ਬਰਦਾਸ਼ਤ ਨਹੀਂ ਹੋ ਰਹੀ, ਜਿਸ ਕਰਕੇ ਉਹ ਮੁੱਖ ਮੰਤਰੀ ਨੂੰ ਬਦਨਾਮ ਕਰਨ ਲਈ ਕੋਝੇ ਹੱਥਕੰਡੇ ਅਪਣਾ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਹਰਮਨਪਿਆਰੇ ਮੁੱਖ ਮੰਤਰੀ ਵਿਰੁੱਧ ਉਹ ਲੋਕ ਹੀ ਬਿਆਨਬਾਜ਼ੀ ਕਰ ਰਹੇ ਹਨ, ਜਿਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਵੱਲ ਧੱਕਿਆ ਅਤੇ ਕਿਸਾਨਾਂ ਦੀ ਬਿਹਤਰੀ ਲਈ ਕੋਈ ਠੋਸ ਕਦਮ ਨਹੀਂ ਚੁੱਕਿਆ।

ਇਸ ਮੌਕੇ ਕਬੱਡੀ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਸ. ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ 3100 ਖੇਡ ਮੈਦਾਨਾਂ ਦੀ ਉਸਾਰੀ ਲਈ 1500 ਕਰੋੜ ਰੁਪਏ ਦਾ ਬਜਟ ਰੱਖਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡ ਮੈਦਾਨਾਂ ਅਤੇ 'ਖੇਡਾਂ ਵਤਨ ਪੰਜਾਬ ਦੀਆਂ' ਰਾਹੀਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀ ਕਿਸਾਨੀ ਨੂੰ ਬਚਾਉਣ ਲਈ ਪੰਜਾਬ ਦੇ ਪਾਣੀਆਂ ਦੀ ਰਾਖੀ ਕੀਤੀ ਜਾ ਰਹੀ ਹੈ ਅਤੇ ਸਾਡੀ ਧਰਤੀ ਨੂੰ ਬੰਜਰ ਹੋਣ ਤੋਂ ਰੋਕਣ ਲਈ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਦੇ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਇਸ ਵੇਲੇ ਤਰੱਕੀ ਦੀਆਂ ਰਾਹਾਂ 'ਤੇ ਅੱਗੇ ਵੱਧ ਰਿਹਾ ਹੈ ਅਤੇ ਸੂਬਾ ਸਰਕਾਰ ਨੌਜਵਾਨਾਂ ਨੂੰ ਵਿਦੇਸ਼ਾਂ ਵੱਲ ਜਾਣ ਤੋਂ ਰੋਕਕੇ ਪੰਜਾਬ ਵਿੱਚ ਹੀ ਬਿਹਤਰ ਮੌਕੇ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਚੰਗੇ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਰੋਧੀ ਪਾਰਟੀਆਂ ਵੱਲੋਂ ਕੀਤੇ ਜਾ ਰਹੇ ਕੂੜ ਪ੍ਰਚਾਰ ਤੋਂ ਸੁਚੇਤ ਰਹਿਣ ਅਤੇ ਪੰਜਾਬ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ।

ਸਮਾਗਮ ਦੌਰਾਨ ਗੁਰਮਿੰਦਰ ਸਿੰਘ ਟਿਵਾਣਾ, ਨਵਦੀਪ ਸਿੰਘ ਟਿਵਾਣਾ, ਮਨਪ੍ਰੀਤ ਸਿੰਘ ਨਾਗਰਾ, ਪ੍ਰਭਜੀਤ ਸਿੰਘ ਲੌਂਟੇ, ਰਾਜਵੀਰ ਸਿੰਘ ਟਿਵਾਣਾ, ਨਿਰਭੈ ਸਿੰਘ, ਲਖਵਿੰਦਰ ਸਿੰਘ, ਜਸਵੀਰ ਸਿੰਘ ਭੰਗੂ, ਮਨਦੀਪ ਸਿੰਘ ਨੰਬਰਦਾਰ, ਗਗਨਦੀਪ ਸਿੰਘ ਹਿਆਣਾ, ਸਰਪੰਚ ਜਗਦੀਪ ਸਿੰਘ ਧੰਗੇੜਾ, ਸਰਪੰਚ ਗੁਰਪ੍ਰੀਤ ਸਿੰਘ ਪੇਧਨੀ, ਜਸਵੀਰ ਸਿੰਘ ਭੰਗੂ, ਅਵਤਾਰ ਸਿੰਘ ਲੰਗ, ਮਨਦੀਪ ਸਿੰਘ ਹਿਆਣਾ, ਮਨਜੀਤ ਸਿੰਘ ਦੰਦਰਾਲਾ ਸਮੇਤ ਟਿਵਾਣਾ ਸਪੋਰਟਸ ਐਂਡ ਯੂਥ ਵੈਲਫੇਅਰ ਕਲੱਬ, ਗ੍ਰਾਮ ਪੰਚਾਇਤ ਦੇ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਤੇ ਇਲਾਕਾ ਵਾਸੀ ਹਾਜ਼ਰ ਸਨ।

ਜ਼ਿਲ੍ਹੇ ਭਰ 'ਚ ਮੇਰਾ ਘਰ, ਮੇਰੇ ਨਾਮ ਸਕੀਮ ਤਹਿਤ 808 ਲਾਭਪਾਤਰੀਆਂ ਨੂੰ ਵੰਡੇ ਪ੍ਰਾਪਰਟੀ ਕਾਰਡ

ਬਠਿੰਡਾ, ੪ ਅਕਤੂਬਰ
-ਗੁਰਤੇਜ ਅਤਲਾ-

ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮੇਰਾ ਘਰ, ਮੇਰੇ ਨਾਮ ਸਕੀਮ ਤਹਿਤ ਜ਼ਿਲ੍ਹਾ ਬਠਿੰਡਾ ਦੇ 5 ਵਿਧਾਨ ਸਭਾ ਹਲਕਿਆਂ ਤਲਵੰਡੀ ਸਾਬੋ, ਰਾਮਪੁਰਾ ਫੂਲ, ਮੌੜ, ਭੁੱਚੋ ਮੰਡੀ ਅਤੇ ਬਠਿੰਡਾ ਦਿਹਾਤੀ ਦੇ ਪੇਂਡੂ ਰਿਹਾਇਸ਼ੀ ਖੇਤਰਾਂ ਵਿੱਚ ਲਾਲ ਲਕੀਰ ਅੰਦਰ ਆਉਂਦੀਆਂ ਜਾਇਦਾਦਾਂ ਦੇ ਕਾਨੂੰਨੀ ਮਾਲਕੀ ਹੱਕ ਦੇਣ ਲਈ ਵੱਖ-ਵੱਖ ਪਿੰਡਾਂ ਵਿੱਚ ਵਿਸ਼ੇਸ਼ ਪ੍ਰਾਪਰਟੀ ਕਾਰਡ ਵੰਡ ਸਮਾਗਮ ਕਰਵਾਏ ਗਏ। ਜਿਸ ਤਹਿਤ 808 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ।

ਇਸ ਤਹਿਤ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਤੋਂ ਪ੍ਰੋ: ਬਲਜਿੰਦਰ ਕੌਰ ਵੱਲੋਂ ਪਿੰਡ ਸੰਗਤ ਖੁਰਦ ਵਿਖੇ ਕਰਵਾਏ ਗਏ ਸਮਾਗਮ ਦੌਰਾਨ 86 ਲਾਭਪਾਤਰੀਆਂ ਨੂੰ ਲਾਭਪਾਤਰੀਆਂ ਨੂੰ ਕਾਰਡ ਪ੍ਰਦਾਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਪੇਂਡੂ ਖੇਤਰ ਦੇ ਲੋਕਾਂ ਦੇ ਜੀਵਣ ਨੂੰ ਹੋਰ ਉੱਚਾ ਚੁੱਕਣ ਲਈ ਹਰ ਤਰ੍ਹਾਂ ਦੇ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅੱਜ ਲਾਭਪਾਤਰੀਆਂ ਨੂੰ ਮਿਲੇ ਇਨ੍ਹਾਂ ਹੱਕਾਂ ਨਾਲ ਦਿਹਾਤੀ ਖੇਤਰ ਦੇ ਲੋਕ ਹੋਰ ਆਰਥਿਕ ਅਤੇ ਸਮਾਜਿਕ ਤੌਰ 'ਤੇ ਹੋਰ ਮਜ਼ਬੂਤ ਹੋਣਗੇ।

ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਤੋਂ ਵਿਧਾਇਕ ਸ੍ਰੀ ਬਲਕਾਰ ਸਿੰਘ ਸਿੱਧੂ ਵੱਲੋਂ ਪਿੰਡ ਬੁਰਜ ਲੱਧਾ ਸਿੰਘ ਵਾਲਾ ਵਿਖੇ ਪ੍ਰੋਗਰਾਮ ਦੌਰਾਨ ਵੰਡੇ ਗਏ 214 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡਾਂ ਦੀ ਵੰਡ ਮੌਕੇ ਸੰਬੋਧਨ ਦੌਰਾਨ ਕਿਹਾ ਕਿ ਪੇਂਡੂ ਖੇਤਰ ਦੇ ਲੋਕਾਂ ਨੂੰ ਲਾਲ ਲਕੀਰ ਅੰਦਰ ਆਉਂਦੀਆਂ ਜਾਇਦਾਦਾਂ ਦੇ ਕਾਨੂੰਨੀ ਮਾਲਕੀ ਹੱਕ ਦੇਣਾ ਪੰਜਾਬ ਸਰਕਾਰ ਦੁਆਰਾ ਦਾ ਵਿਸ਼ੇਸ਼ ਉਪਰਾਲਾ ਹੈ।

ਹਲਕਾ ਭੁੱਚੋ ਮੰਡੀ ਤੋਂ ਵਿਧਾਇਕ ਮਾਸਟਰ ਜਗਸੀਰ ਸਿੰਘ ਵੱਲੋਂ ਪਿੰਡ ਚੱਕ ਫਤਿਹ ਸਿੰਘ ਵਾਲਾ 222 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ। ਇਸ ਮੌਕੇ ਉਨ੍ਹਾਂ ਕਿਹਾ ਕਿ ਲੋਕ ਇਸ ਆਪਣੀ ਜਾਇਦਾਦ ਦੇ ਮਾਲਕੀ ਦਸਤਾਵੇਜ਼ ਦੀ ਵਰਤੋਂ ਕਰਕੇ ਬੈਂਕਾਂ ਤੋਂ ਅਸਾਨੀ ਨਾਲ ਕਰਜ਼ਾ ਲੈ ਕੇ ਆਪਣਾ ਜੀਵਣ ਸੁਧਾਰ ਸਕਣਗੇ।

ਬਠਿੰਡਾ ਦਿਹਾਤੀ ਤੋਂ ਹਲਕਾ ਇੰਚਾਰਜ ਸ੍ਰੀ ਗੋਪਾਲ ਸਿੰਘ ਵੱਲੋਂ ਪਿੰਡ ਨੰਦਗੜ੍ਹ ਵਿਖੇ 237 ਲਾਭਪਾਤਰੀਆਂ ਨੂੰ ਅਤੇ ਵਿਧਾਨ ਸਭਾ ਹਲਕਾ ਮੌੜ ਵਿਖੇ ਐੱਸ.ਡੀ.ਐਮ. ਮੌੜ ਸ੍ਰੀ ਗੁਰਜਿੰਦਰ ਸਿੰਘ ਵੱਲੋਂ ਪਿੰਡ ਸੁੱਖਾ ਸਿੰਘ ਵਾਲਾ ਵਿਖੇ 49 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ।

ਇਸ ਮੌਕੇ ਉਪ ਮੰਡਲ ਮੈਜਿਸਟ੍ਰੇਟ ਰਾਮਪੁਰਾ ਫੂਲ ਸ. ਬਲਕਰਨ ਸਿੰਘ ਮਾਹਲ ਅਤੇ ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਮੈਡਮ ਵੀਰਪਾਲ ਕੌਰ ਮੌਜੂਦ ਸਨ।

ਲੇਕ ਸਪੋਰਟਸ ਕੰਪਲੈਕਸ ਵਿੱਚ ਦੋ ਦਿਨਾਂ ਦਾ ਤੀਰਅੰਦਾਜ਼ੀ ਟੂਰਨਾਮੈਂਟ ਸੰਪੰਨ

ਚੰਡੀਗੜ੍ਹ, ੪ ਅਕਤੂਬਰ
-ਹਰਮਨਪ੍ਰੀਤ ਕੌਰ-

ਚੰਡੀਗੜ੍ਹ ਪ੍ਰਸ਼ਾਸਨ ਦੇ ਖੇਡ ਵਿਭਾਗ ਦੁਆਰਾ ਆਯੋਜਿਤ ਦੋ ਦਿਨਾਂ ਦਾ ਤੀਰਅੰਦਾਜ਼ੀ ਟੂਰਨਾਮੈਂਟ ਅੱਜ ਲੇਕ ਸਪੋਰਟਸ ਕੰਪਲੈਕਸ, ਚੰਡੀਗੜ੍ਹ ਵਿੱਚ ਸੰਪੰਨ ਹੋਇਆ।

ਇਸ ਟੂਰਨਾਮੈਂਟ ਵਿੱਚ ਚੰਡੀਗੜ੍ਹ ਦੇ ਲਗਭਗ 65 ਯੁਵਾ ਤੀਰਅੰਦਾਜ਼ਾਂ ਨੇ ਹਿੱਸਾ ਲਿਆ। ਲੜਕੇ ਅਤੇ ਲੜਕੀਆਂ ਦੇ ਅੰਡਰ-14 ਅਤੇ ਅੰਡਰ- 19 ਉਮਰ ਵਰਗਾਂ ਵਿੱਚ 'ਰਿਕਰਵ' ਅਤੇ 'ਕੰਪਾਊਂਡ' ਵਰਗਾਂ ਦੀਆਂ ਕੁੱਲ ਅੱਠ ਸ਼੍ਰੇਣੀਆਂ ਵਿੱਚ ਖਿਡਾਰੀਆਂ ਨੇ ਮੁਕਾਬਲਿਆਂ ਵਿੱਚ ਹਿੱਸਾ ਲਿਆ।

ਸਮਾਪਨ ਸਮਾਰੋਹ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਦੇ ਖੇਡ ਵਿਭਾਗ ਦੇ ਆਈਵਾਈਏ ਡਾ. ਭਗਵੰਤ ਸਿੰਘ ਮੁੱਖ ਮਹਿਮਾਨ ਦੇ ਰੂਪ ਵਿੱਚ ਉਪਸਥਿਤ ਰਹੇ। ਉਨ੍ਹਾਂ ਨੇ ਰਸਮੀ ਤੌਰ 'ਤੇ ਟੂਰਨਾਮੈਂਟ ਦੇ ਸਮਾਪਨ ਦਾ ਐਲਾਨ ਕੀਤਾ ਅਤੇ ਜੇਤੂਆਂ ਤੇ ਮੈਡਲ ਜੇਤੂਆਂ ਨੂੰ ਪੁਰਸਕਾਰ ਅਤੇ ਨਕਦ ਰਾਸ਼ੀ ਪ੍ਰਦਾਨ ਕੀਤੀ।

ਹਰੇਕ ਸ਼੍ਰੇਣੀ ਵਿੱਚ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਰਹਿਣ ਵਾਲੇ ਖਿਡਾਰੀਆਂ ਨੂੰ ਕ੍ਰਮਵਾਰ 5,000 ਰੁਪਏ, 3,000 ਰੁਪਏ ਅਤੇ 2,000 ਰੁਪਏ ਦੀ ਨਕਦ ਪੁਰਸਕਾਰ ਰਾਸ਼ੀ ਦਿੱਤੀ ਗਈ।

ਪ੍ਰਤੀਭਾਗੀਆਂ ਨੂੰ ਸੰਬੋਧਨ ਕਰਦੇ ਹੋਏ ਡਾ. ਭਗਵੰਤ ਸਿੰਘ ਨੇ ਯੁਵਾ ਤੀਰਅੰਦਾਜ਼ਾਂ ਨੂੰ ਟੂਰਨਾਮੈਂਟ ਵਿੱਚ ਹਿੱਸਾ ਲੈਣ ਲਈ ਵਧਾਈ ਦਿੱਤੀ। ਉਨ੍ਹਾਂ ਨੇ ਖਿਡਾਰੀਆਂ ਨੂੰ ਸਖ਼ਤ ਮਿਹਨਤ ਜਾਰੀ ਰੱਖਣ, ਆਪਣੇ ਕੌਸ਼ਲ ਵਿੱਚ ਸੁਧਾਰ ਕਰਨ ਅਤੇ ਆਪੋ-ਆਪਣੀਆਂ ਖੇਡਾਂ ਵਿੱਚ ਬਿਹਤਰ ਪ੍ਰਦਰਸ਼ਨ ਲਈ ਪ੍ਰਯਾਸ ਕਰਨ ਲਈ ਪ੍ਰੇਰਿਤ ਕੀਤਾ।

ਇਸ ਟੂਰਨਾਮੈਂਟ ਨਾਲ ਯੁਵਾ ਤੀਰਅੰਦਾਜ਼ਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ, ਮੁਕਾਬਲੇ ਦਾ ਅਨੁਭਵ ਪ੍ਰਾਪਤ ਕਰਨ ਅਤੇ ਤੀਰਅੰਦਾਜ਼ੀ ਪ੍ਰਤੀ ਆਪਣੀ ਰੁਚੀ ਵਧਾਉਣ ਦਾ ਅਵਸਰ ਮਿਲਿਆ। ਖੇਡ ਵਿਭਾਗ ਨੇ ਟੂਰਨਾਮੈਂਟ ਦੇ ਸਫ਼ਲ ਆਯੋਜਨ ਵਿੱਚ ਹਿੱਸਾ ਲੈਣ ਵਾਲੇ ਤੀਰਅੰਦਾਜ਼ਾਂ, ਕੋਚਾਂ ਅਤੇ ਅਧਿਕਾਰੀਆਂ ਦੇ ਪ੍ਰਯਾਸਾਂ ਦੀ ਸ਼ਲਾਘਾ ਕੀਤੀ। ਚੰਡੀਗੜ੍ਹ ਪ੍ਰਸ਼ਾਸਨ ਨੇ ਯੁਵਾ ਖਿਡਾਰੀਆਂ ਨੂੰ ਨਿਯਮਿਤ ਮੁਕਾਬਲੇ ਦੇ ਮੌਕੇ ਪ੍ਰਦਾਨ ਕਰਨ ਅਤੇ ਜ਼ਮੀਨੀ ਪੱਧਰ 'ਤੇ ਖੇਡਾਂ ਨੂੰ ਹੁਲਾਰਾ ਦੇਣ ਦੀ ਆਪਣੀ ਪ੍ਰਤੀਬੱਧਤਾ ਦੁਹਰਾਈ।

ਸਿਹਤ ਸਕੱਤਰ ਨੇ ਪ੍ਰਸਤਾਵਿਤ 80 ਬਿਸਤਰਿਆਂ ਵਾਲੇ ਹਸਪਤਾਲ ਅਤੇ ਪੁਲਿਸ ਸਟੇਸ਼ਨ ਦੇ ਸਥਲਾਂ ਦਾ ਨਿਰੀਖਣ ਕਰਨ ਲਈ ਧਨਾਸ ਦਾ ਦੌਰਾ

ਚੰਡੀਗੜ੍ਹ, ੪ ਅਕਤੂਬਰ
-ਮਨੰਜ ਵਰਮਾ-

ਯੂ.ਟੀ. ਚੰਡੀਗੜ੍ਹ ਦੇ ਗ੍ਰਹਿ ਅਤੇ ਸਿਹਤ ਸਕੱਤਰ, ਸ਼੍ਰੀ ਮਨਦੀਪ ਸਿੰਘ ਬਰਾੜ ਨੇ ਅੱਜ ਧਨਾਸ ਦਾ ਦੌਰਾ ਕਰਕੇ ਪ੍ਰਸਤਾਵਿਤ 80 ਬਿਸਤਰਿਆਂ ਵਾਲੇ ਹਸਪਤਾਲ ਅਤੇ ਪੁਲਿਸ ਸਟੇਸ਼ਨ ਦੇ ਨਿਰਮਾਣ ਲਈ ਸਥਲਾਂ ਦਾ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਦੇ ਨਾਲ ਮੁੱਖ ਇੰਜੀਨੀਅਰ ਸ਼੍ਰੀ ਸੀ.ਬੀ. ਓਝਾ, ਮੁੱਖ ਆਰਕੀਟੈਕਟ ਸ਼੍ਰੀ ਰਾਜੀਵ ਮਹਿਤਾ, ਸਹਾਇਕ ਇਸਟੇਟ ਅਫ਼ਸਰ ਸ਼੍ਰੀ ਪਵਿੱਤਰ ਸਿੰਘ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਉਪਸਥਿਤ ਸਨ।

ਦੌਰੇ ਦੇ ਦੌਰਾਨ ਸ਼੍ਰੀ ਬਰਾੜ ਨੇ ਦੋਹਾਂ ਸੁਵਿਧਾਵਾਂ ਲਈ ਭੂਮੀ ਦੀਆਂ ਜ਼ਰੂਰਤਾਂ ਦੀ ਸਮੀਖਿਆ ਕੀਤੀ ਅਤੇ ਅਧਿਕਾਰੀਆਂ ਨਾਲ ਪ੍ਰਸਤਾਵਿਤ ਵਿਕਾਸ ਕਾਰਜਾਂ 'ਤੇ ਚਰਚਾ ਕੀਤੀ। ਦੋਹਾਂ ਪ੍ਰੋਜੈਕਟਾਂ ਦੀਆਂ ਜ਼ਰੂਰਤਾਂ ਅਨੁਸਾਰ ਭੂਮੀ ਦੀ ਸ਼ਨਾਖ਼ਤ ਕੀਤੀ ਜਾਵੇਗੀ। ਇਸ ਤੋਂ ਬਾਅਦ ਸ਼ਹਿਰੀ ਯੋਜਨਾਬੰਦੀ ਵਿਭਾਗ ਧਨਾਸ ਵਿੱਚ ਪ੍ਰਸਤਾਵਿਤ ਦੋਹਾਂ ਪਰਿਸਰਾਂ ਦੀਆਂ ਯੋਜਨਾਵਾਂ ਤਿਆਰ ਕਰੇਗਾ।

ਗ੍ਰਹਿ ਅਤੇ ਸਿਹਤ ਸਕੱਤਰ ਨੇ ਧਨਾਸ ਵਿੱਚ ਅਧਿਕਾਰਿਤ ਵੈਂਡਿੰਗ ਜ਼ੋਨ ਦਾ ਵੀ ਨਿਰੀਖਣ ਕੀਤਾ ਅਤੇ ਉੱਥੋਂ ਦੇ ਵਿਕ੍ਰੇਤਾਵਾਂ ਨਾਲ ਗੱਲਬਾਤ ਕੀਤੀ।

ਨਗਰ ਕੌਂਸਲ ਵਿਖੇ ਜਨਗਣਨਾ ਦੇ ਦੂਸਰੇ ਪੜਾਅ ਤਹਿਤ ਗਿਣਤੀਕਾਰਾਂ ਤੇ ਸੁਪਰਵਾਈਜ਼ਰਾਂ ਦੀ ਤਿੰਨ ਰੋਜ਼ਾ ਟ੍ਰੇਨਿੰਗ ਸੰਪੰਨ

ਤਰਨ ਤਾਰਨ, ੪ ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਸਜ਼ ਅਫ਼ਸਰ ਸ੍ਰੀ ਰਾਹੁਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਰਣਦੀਪ ਸਿੰਘ ਵੜੈਚ ਦੀ ਅਗਵਾਈ ਹੇਠ ਜਨਗਣਨਾ-2027 ਦੇ ਦੂਸਰੇ ਪੜਾਅ ਸਬੰਧੀ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਦੀ ਤਿੰਨ ਰੋਜ਼ਾ ਟ੍ਰੇਨਿੰਗ ਕਰਵਾਈ ਗਈ। ਇਸ ਟ੍ਰੇਨਿੰਗ ਦੌਰਾਨ ਫ਼ੀਲਡ ਟ੍ਰੇਨਰ ਬੀਰਇੰਦਰ ਸਿੰਘ ਤੇ ਸਿੰਬਲਪ੍ਰੀਤ ਸਿੰਘ ਸਹੋਤਾ ਨੇ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਜਨਗਣਨਾ ਦੇ ਦੂਸਰੇ ਪੜਾਅ ਨਾਲ ਸਬੰਧਤ ਵੱਖ-ਵੱਖ ਪ੍ਰਕਿਰਿਆਵਾਂ, ਜ਼ਿੰਮੇਵਾਰੀਆਂ ਅਤੇ ਰਿਕਾਰਡ ਤਿਆਰ ਕਰਨ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਕਾਰਜ ਸਾਧਕ ਅਫ਼ਸਰ-ਕਮ-ਸੈਸਜ਼ ਚਾਰਜ ਅਫ਼ਸਰ ਰਣਦੀਪ ਸਿੰਘ ਵੜੈਚ ਤੇ ਸੁਪਰਡੈਂਟ ਬਲਜਿੰਦਰ ਸਿੰਘ ਗਿੱਲ ਨੇ ਕਿਹਾ ਕਿ ਜਨਗਣਨਾ ਇੱਕ ਮਹੱਤਵਪੂਰਨ ਕੌਮੀ ਕਾਰਜ ਹੈ ਅਤੇ ਇਸ ਨੂੰ ਸੁਚੱਜੇ ਢੰਗ ਨਾਲ ਪੂਰਾ ਕਰਨ ਲਈ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਦੀ ਭੂਮਿਕਾ ਅਹਿਮ ਹੈ। ਉਨ੍ਹਾਂ ਕਿਹਾ ਕਿ ਟ੍ਰੇਨਿੰਗ ਦੌਰਾਨ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਸਾਰੇ ਕਰਮਚਾਰੀ ਆਪਣੀ ਡਿਊਟੀ ਪੂਰੀ ਜ਼ਿੰਮੇਵਾਰੀ ਨਾਲ ਨਿਭਾਉਣ। ਉਨ੍ਹਾਂ ਦੱਸਿਆ ਕਿ ਪੰਜਾਬ ਵਿਚ ਜਨਗਣਨਾ ਦਾ ਦੂਜਾ ਫੇਜ਼ ਮਿਤੀ 1 ਦਸੰਬਰ 2026 ਤੋਂ ਮਿਤੀ 4 ਜਨਵਰੀ 2027 ਤੱਕ ਚੱਲੇਗਾ ਅਤੇ ਰਵੀਜ਼ਨ ਫੇਜ਼ ਮਿਤੀ 5 ਜਨ

ਹਰਿਆਣਾ ਖ਼ਬਰਨਾਮਾ

ਓਐੱਸਡੀ ਰਾਜਬੀਰ ਸਿੰਘ ਘੁੰਮਣ ਸੀਬੀਆਈ ਜਾਂਚ 'ਚ ਸ਼ਾਮਲ ਹੋਣ ਲਈ ਤਿਆਰ; ਪਰ ਸੰਮਨ ਮਿਲਣ 'ਤੇ: ਭਗਵੰਤ ਮਾਨ

ਚੰਡੀਗੜ੍ਹ 8 ਅਕਤੂਬਰ
-ਛਤਰਪਾਲ ਸਿੰਘ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਦੇ ਓਐੱਸਡੀ ਰਾਜਬੀਰ ਸਿੰਘ ਘੁੰਮਣ ਸੀਬੀਆਈ (329) ਦੀ ਜਾਂਚ ਵਿੱਚ ਸ਼ਾਮਲ ਹੋਣ ਲਈ ਤਿਆਰ ਹਨ, ਬਸ਼ਰਤੇ ਉਨ੍ਹਾਂ ਨੂੰ ਸੰਮਨ ਪ੍ਰਾਪਤ ਹੋਣ।

ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਮਾਨ ਨੇ ਬੀਤੇ ਦਿਨ ਉਨ੍ਹਾਂ ਦੇ ਓਐੱਸਡੀ ਦੇ ਸੀਬੀਆਈ ਸਾਹਮਣੇ ਪੇਸ਼ ਨਾ ਹੋਣ ਬਾਰੇ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਉਨ੍ਹਾਂ ਨੂੰ ਅਜੇ ਸੰਮਨ ਤਾਮੀਲ ਹੀ ਨਹੀਂ ਕਰਵਾਏ ਗਏ ਸਨ। ਜ਼ਿਕਰਯੋਗ ਹੈ ਕਿ ਸੀਬੀਆਈ ਵੱਲੋਂ ਦਰਜ ਕੀਤੇ ਗਏ ਮਾਮਲੇ ਵਿੱਚ ਨਾਮਜ਼ਦ ਘੁੰਮਣ ਨੂੰ ਕੱਲ੍ਹ ਦੁਪਹਿਰ ਬਾਅਦ ਇੱਥੇ ਸੀਬੀਆਈ

ਦਫ਼ਤਰ ਸੱਦਿਆ ਗਿਆ ਸੀ, ਪਰ ਉਹ ਉੱਥੇ ਨਹੀਂ ਪਹੁੰਚੇ ਸਨ। ਆਪਣੇ ਕੈਂਪ ਦਫ਼ਤਰ 'ਤੇ ਸੀਬੀਆਈ ਦੇ ਛਾਪੇ ਬਾਰੇ ਪੁੱਛੇ ਜਾਣ 'ਤੇ ਮਾਨ ਨੇ ਉੱਤਰ ਦਿੰਦਿਆਂ ਕਿਹਾ ਕਿ ਇਹ ਭਾਜਪਾ ਵੱਲੋਂ ਪੰਜਾਬ ਵਿੱਚ ਆਪਣੀ ਚੋਣ ਮੁਹਿੰਮ ਸ਼ੁਰੂ ਕਰਨ ਦਾ ਬਿਆਨ ਹੈ। ਉਨ੍ਹਾਂ ਕਿਹਾ, ਪੱਛਮੀ ਬੰਗਾਲ ਚੋਣਾਂ ਤੋਂ ਮਹਿਜ਼ ਤਿੰਨ ਮਹੀਨੇ ਪਹਿਲਾਂ ਈਡੀ ਨੇ ਮਮਤਾ ਬੈਨਰਜੀ ਦੇ ਕਰੀਬੀਆਂ 'ਤੇ ਛਾਪੇਮਾਰੀ ਕੀਤੀ ਸੀ। ਦਿੱਲੀ ਵਿੱਚ ਵੀ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਨੂੰ ਝੂਠੇ ਕੇਸਾਂ ਵਿੱਚ ਗ੍ਰਿਫ਼ਤਾਰ ਕੀਤਾ ਗਿਆ। ਛੱਤੀਸਗੜ੍ਹ ਅਤੇ ਹਰਿਆਣਾ ਵਿੱਚ ਵੀ ਇਹੋ ਸਕ੍ਰਿਪਟ ਦੁਹਰਾਈ ਗਈ ਸੀ। ਜਦੋਂ ਉਨ੍ਹਾਂ ਨੂੰ ਪੁੱਛਿਆ ਗਿਆ ਕਿ ਸੀਬੀਆਈ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਿਰਦੇਸ਼ਾਂ 'ਤੇ ਐੱਫਆਈਆਰ) ਦਰਜ ਕੀਤੀ ਹੈ, ਤਾਂ ਮਾਨ ਨੇ ਪਲਟਵਾਂ ਸਵਾਲ ਕੀਤਾ, ਕੀ ਤੁਸੀਂ ਨਹੀਂ ਜਾਣਦੇ ਕਿ ਅਦਾਲਤਾਂ ਕਿਵੇਂ ਕੰਮ ਕਰਦੀਆਂ ਹਨ? ਇਹ ਸਭ ਪਲਾਨਿੰਗ ਨਾਲ ਤਿਆਰ ਕੀਤਾ ਗਿਆ ਅਤੇ ਫਿਰ ਅਮਲ ਵਿੱਚ ਲਿਆਂਦਾ ਗਿਆ।

ਸਿੰਗਾਪੁਰ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਪੰਜਾਬ ਅਤੇ ਹਰਿਆਣਾ ਮੂਲ ਦੇ ਉਦਯੋਗਪਤੀਆਂ ਨੇ ਕੀਤੀ ਮਹੱਤਵਪੂਰਨ ਮੀਟਿੰਗ

ਚੰਡੀਗੜ੍ਹ, 8 ਅਕਤੂਬਰ
-ਸੰਜੀਵ ਸ਼ਰਮਾ-

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨਾਲ ਸਿੰਗਾਪੁਰ ਦੌਰੇ ਦੌਰਾਨ ਪੰਜਾਬ ਅਤੇ ਹਰਿਆਣਾ ਮੂਲ ਦੇ ਮੁੱਖ ਉਦਯੋਗਪਤੀਆਂ ਅਤੇ ਵਪਾਰਕ ਪ੍ਰਤੀਨਿਧੀਆਂ ਦੀ ਮਹੱਤਵਪੂਰਨ ਮੀਟਿੰਗ ਹੋਈ। ਇਸ ਦੌਰਾਨ ਮੁੱਖ ਮੰਤਰੀ ਨੇ ਪ੍ਰਵਾਸੀ ਭਾਰਤੀ ਭਾਈਚਾਰੇ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦੇਸ਼ਾਂ ਵਿੱਚ ਆਪਣੀ ਮਿਹਨਤ, ਪ੍ਰਤਿਭਾ ਅਤੇ ਉੱਦਮਤਾ ਦੇ ਬਲ 'ਤੇ ਭਾਰਤੀ ਭਾਈਚਾਰਾ ਦੇਸ਼ ਦਾ ਮਾਣ ਵਧਾ ਰਿਹਾ ਹੈ। ਸਿੰਗਾਪੁਰ ਵਰਗੇ ਆਧੁਨਿਕ ਅਤੇ ਵਿਸ਼ਵ ਦੇ ਮੁੱਖ ਵਪਾਰਕ ਕੇਂਦਰ ਵਿੱਚ ਭਾਰਤ ਦਾ ਪਰਚਮ ਲਹਿਰਾਉਣ ਵਾਲੇ ਪ੍ਰਵਾਸੀ ਭਾਰਤੀਆਂ ਦੀ ਮਿਹਨਤ 'ਤੇ ਪੂਰੇ ਦੇਸ਼ ਨੂੰ ਮਾਣ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਵਾਸੀ ਭਾਰਤੀਆਂ ਦਾ ਗਲੋਬਲ ਪੱਧਰ 'ਤੇ ਪ੍ਰਾਪਤ ਤਜਰਬਾ ਅਤੇ ਮਾਹਰਤਾ ਭਾਰਤ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ। ਉਨ੍ਹਾਂ ਨੇ ਉਦਯੋਗਪਤੀਆਂ ਨੂੰ ਹਰਿਆਣਾ ਵਿੱਚ ਨਿਵੇਸ਼ ਦੀਆਂ ਸੰਭਾਵਨਾਵਾਂ ਦਾ ਲਾਭ ਚੁੱਕਣ ਅਤੇ ਸੂਬੇ ਦੀ ਵਿਕਾਸ ਯਾਤਰਾ ਵਿੱਚ ਭਾਗੀਦਾਰ ਬਣਨ ਦਾ ਸੱਦਾ ਦਿੱਤਾ।

ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਿੰਗਾਪੁਰ ਨੇ ਸੀਮਤ ਭੂਗੋਲਿਕ ਖੇਤਰ ਅਤੇ ਸਰੋਤਾਂ ਦੇ ਬਾਵਜੂਦ ਦੂਰਅੰਦੇਸ਼ੀ ਆਰਥਿਕ ਨੀਤੀਆਂ, ਬਿਹਤਰ ਬੁਨਿਆਦੀ ਢਾਂਚੇ, ਸੁਸ਼ਾਸਨ ਅਤੇ ਕਾਨੂੰਨ-ਵਿਵਸਥਾ ਦੇ ਬਲ 'ਤੇ ਆਪਣੇ ਆਪ ਨੂੰ ਵਿਸ਼ਵ ਦੇ ਮੁੱਖ ਵਪਾਰਕ ਅਤੇ ਆਰਥਿਕ ਕੇਂਦਰ ਵਜੋਂ ਸਥਾਪਿਤ ਕੀਤਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਵੀ ਨਿਵੇਸ਼ਕਾਂ ਨੂੰ ਬਿਹਤਰ ਕਾਨੂੰਨ-ਵਿਵਸਥਾ, ਆਧੁਨਿਕ ਬੁਨਿਆਦੀ ਢਾਂਚਾ, ਸੁਸ਼ਾਸਨ ਅਤੇ ਉਦਯੋਗਾਂ ਲਈ ਅਨੁਕੂਲ ਮਾਹੌਲ ਉਪਲਬਧ ਕਰਵਾਉਣ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਰਤ ਨੇ ਪਿਛਲੇ ਸਾਲਾਂ ਵਿੱਚ ਵਿਕਾਸ ਦੀਆਂ ਨਵੀਂਆਂ ਬੁਲੰਦੀਆਂ ਹਾਸਲ ਕੀਤੀਆਂ ਹਨ ਅਤੇ ਅੱਜ ਦੇਸ਼ ਵਿਕਸਿਤ ਭਾਰਤ ਦੇ ਟੀਚੇ ਵੱਲ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਨੀਤੀਆਂ ਨੇ ਦੇਸ਼ ਵਿੱਚ ਨਿਵੇਸ਼, ਬੁਨਿਆਦੀ ਢਾਂਚੇ, ਰੁਜ਼ਗਾਰ ਅਤੇ ਉੱਦਮਤਾ ਲਈ ਨਵੇਂ ਮੌਕੇ ਪੈਦਾ ਕੀਤੇ ਹਨ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਕਰਤਾਰਪੁਰ ਲਾਂਘੇ (ਕੋਰੀਡੋਰ) ਦਾ ਨਿਰਮਾਣ ਇੱਕ ਮਹੱਤਵਪੂਰਨ ਪ੍ਰਾਪਤੀ ਹੈ, ਜਿਸ ਨੇ ਸ਼ਰਧਾਲੂਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਇੱਛਾ ਨੂੰ ਪੂਰਾ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਨੇ ਵੀ ਸਿੱਖ ਵਿਰੋਧੀ ਦੰਗਿਆਂ ਦੇ ਪੀੜਤ ਪਰਿਵਾਰਾਂ ਦੇ ਹਿੱਤ ਵਿੱਚ ਮਹੱਤਵਪੂਰਨ ਕਦਮ ਚੁੱਕਦਿਆਂ ਉਨ੍ਹਾਂ ਨੂੰ ਸਰਕਾਰੀ ਨੌਕਰੀ ਪ੍ਰਦਾਨ ਕਰਨ ਦਾ ਕੰਮ ਕੀਤਾ ਹੈ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਅੱਜ ਦੇਸ਼ ਦੇ ਮੁੱਖ ਉਦਯੋਗਿਕ ਅਤੇ ਨਿਵੇਸ਼ ਕੇਂਦਰਾਂ ਵਿੱਚ ਆਪਣੀ ਮਜ਼ਬੂਤ ਪਛਾਣ ਬਣਾ ਚੁੱਕਾ ਹੈ। ਸੂਬੇ ਦੀ ਭੂਗੋਲਿਕ ਸਥਿਤੀ, ਮਜ਼ਬੂਤ ਸੜਕ ਅਤੇ ਰੇਲ ਸੰਪਰਕ, ਕੁਸ਼ਲ ਮਾਨਵ ਸਰੋਤ, ਬਿਹਤਰ ਉਦਯੋਗਿਕ ਬੁਨਿਆਦੀ ਢਾਂਚਾ ਅਤੇ ਨਿਵੇਸ਼ਕ-ਅਨੁਕੂਲ ਨੀਤੀਆਂ ਹਰਿਆਣਾ ਨੂੰ ਨਿਵੇਸ਼ ਲਈ ਆਕਰਸ਼ਕ ਕੇਂਦਰ ਬਣਾਉਂਦੀਆਂ ਹਨ।

ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦਾ ਸਪੱਸ਼ਟ ਟੀਚਾ ਹੈ ਕਿ ਉਦਯੋਗਾਂ ਨੂੰ ਕਾਰੋਬਾਰ ਲਈ ਅਨੁਕੂਲ ਮਾਹੌਲ ਉਪਲਬਧ ਕਰਵਾਇਆ ਜਾਵੇ ਅਤੇ ਨਿਵੇਸ਼ਕਾਂ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਨਾ ਹੋਵੇ। ਉਨ੍ਹਾਂ ਨੇ ਪ੍ਰਵਾਸੀ ਉਦਯੋਗਪਤੀਆਂ ਨੂੰ ਹਰਿਆਣਾ ਦੀਆਂ ਨਿਵੇਸ਼ ਸੰਭਾਵਨਾਵਾਂ ਦਾ ਲਾਭ ਉਠਾਉਣ ਅਤੇ ਸੂਬੇ ਦੀ ਵਿਕਾਸ ਯਾਤਰਾ ਵਿੱਚ ਭਾਗੀਦਾਰ ਬਣਨ ਦਾ ਸੱਦਾ ਦਿੱਤਾ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਸਿੰਗਾਪੁਰ ਵਿੱਚ ਮੌਜੂਦ ਪੰਜਾਬ ਅਤੇ ਹਰਿਆਣਾ ਮੂਲ ਦੇ ਸਾਰੇ ਉਦਯੋਗਪਤੀਆਂ ਅਤੇ ਵਪਾਰਕ ਪ੍ਰਤੀਨਿਧੀਆਂ ਨੂੰ ਹਰਿਆਣਾ ਆਉਣ ਦਾ ਨਿੱਘਾ ਸੱਦਾ ਦਿੱਤਾ। ਉਨ੍ਹਾਂ ਨੇ ਉਨ੍ਹਾਂ ਨੂੰ ਚੰਡੀਗੜ੍ਹ ਸਥਿਤ ਮੁੱਖ ਮੰਤਰੀ ਰਿਹਾਇਸ਼ 'ਸੰਤ ਕਬੀਰ ਕੁਟੀਰ' ਵਿੱਚ ਆਉਣ ਦਾ ਵੀ ਸੱਦਾ ਦਿੱਤਾ ਅਤੇ ਕਿਹਾ ਕਿ ਹਰਿਆਣਾ ਸਰਕਾਰ ਪ੍ਰਵਾਸੀ ਭਾਰਤੀਆਂ ਨਾਲ ਲਗਾਤਾਰ ਸੰਵਾਦ ਅਤੇ ਸਹਿਯੋਗ ਲਈ ਵਚਨਬੱਧ ਹੈ।

ਯੂਪੀਐਸਸੀ 2027 ਪ੍ਰੀਖਿਆ ਪ੍ਰੋਗਰਾਮ ਨੂੰ ਲੈ ਕੇ ਹਰਿਆਣਾ ਸਰਕਾਰ ਵੱਲੋਂ ਡੀ.ਸੀ. ਨੂੰ ਨਿਰਦੇਸ਼

ਚੰਡੀਗੜ੍ਹ, 8 ਅਕਤੂਬਰ
-ਹਰਮਨਪ੍ਰੀਤ ਕੌਰ-

ਹਰਿਆਣਾ ਸਰਕਾਰ ਨੇ ਸੰਘ ਲੋਕ ਸੇਵਾ ਆਯੋਗ (UPSC) ਵੱਲੋਂ ਸਾਲ 2027 ਲਈ ਜਾਰੀ ਸਾਲਾਨਾ ਪ੍ਰੀਖਿਆ ਅਤੇ ਭਰਤੀ ਪ੍ਰੀਖਿਆ ਪ੍ਰੋਗਰਾਮ ਨੂੰ ਲੈ ਕੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਜ਼ਰੂਰੀ ਤਿਆਰੀਆਂ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਵੱਲੋਂ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਯੂਪੀਐਸਸੀ ਦੇ ਸਾਲਾਨਾ ਪ੍ਰੋਗਰਾਮ ਤੋਂ ਜਾਣੂ ਕਰਵਾਉਂਦੇ ਹੋਏ ਆਯੋਗ ਦੀਆਂ ਪ੍ਰੀਖਿਆਵਾਂ ਅਤੇ ਭਰਤੀ ਪ੍ਰੀਖਿਆਵਾਂ ਲਈ ਜ਼ਰੂਰੀ ਪ੍ਰਸ਼ਾਸਨਿਕ ਸਹਿਯੋਗ ਉਪਲਬਧ ਕਰਵਾਉਣ ਲਈ ਕਿਹਾ ਗਿਆ ਹੈ।

ਰਾਜ ਸਰਕਾਰ ਨੇ ਹਰਿਆਣਾ ਲੋਕ ਸੇਵਾ ਕਮਿਸ਼ਨ ਅਤੇ ਹਰਿਆਣਾ ਕਰਮਚਾਰੀ ਚੋਣ ਕਮਿਸ਼ਨ ਨੂੰ ਵੀ UPSC ਦੇ ਸਾਲ 2027 ਦੇ ਪ੍ਰੀਖਿਆ ਪ੍ਰੋਗਰਾਮ ਨੂੰ ਗੰਭੀਰਤਾ ਨਾਲ ਲੈਣ ਦੇ ਨਿਰਦੇਸ਼ ਦਿੱਤੇ ਹਨ। ਦੋਵਾਂ ਕਮਿਸ਼ਨਾਂ ਨੂੰ ਆਪਣੇ ਪੱਧਰ 'ਤੇ ਸਾਲ 2027 ਵਿੱਚ ਆਯੋਜਿਤ ਕੀਤੀਆਂ ਜਾਣ ਵਾਲੀਆਂ ਪ੍ਰੀਖਿਆਵਾਂ ਦੀਆਂ ਤਾਰੀਖਾਂ ਨਿਰਧਾਰਤ ਕਰਦੇ ਸਮੇਂ UPSC ਦੇ ਪ੍ਰੋਗਰਾਮ ਨੂੰ ਧਿਆਨ ਵਿੱਚ ਰੱਖਣ ਲਈ ਕਿਹਾ ਗਿਆ ਹੈ, ਤਾਂ ਜੋ UPSC ਅਤੇ ਰਾਜ ਦੀਆਂ ਪ੍ਰਮੁੱਖ ਭਰਤੀ ਪ੍ਰੀਖਿਆਵਾਂ ਦੀਆਂ ਤਾਰੀਖਾਂ ਵਿੱਚ ਬੇਲੋੜਾ ਟਕਰਾਅ ਨਾ ਹੋਵੇ। ਇਸ ਨਾਲ ਉਨ੍ਹਾਂ ਉਮੀਦਵਾਰਾਂ ਨੂੰ ਸਹੂਲਤ ਮਿਲੇਗੀ ਜੋ ਸੰਘ ਲੋਕ ਸੇਵਾ ਆਯੋਗ ਅਤੇ ਹਰਿਆਣਾ ਸਰਕਾਰ ਦੀਆਂ ਭਰਤੀ ਪ੍ਰੀਖਿਆਵਾਂ ਵਿੱਚ ਸਮਾਨ ਰੂਪ ਨਾਲ ਹਿੱਸਾ ਲੈਂਦੇ ਹਨ।

UPSC ਦੇ ਸਾਲਾਨਾ ਪ੍ਰੋਗਰਾਮ ਅਨੁਸਾਰ ਸਿਵਲ ਸੇਵਾ ਮੁੱਢਲੀ ਪ੍ਰੀਖਿਆ-2027 ਦਾ ਆਯੋਜਨ 23 ਮਈ, 2027 ਨੂੰ ਕੀਤਾ ਜਾਵੇਗਾ। ਇਸ ਲਈ ਨੋਟੀਫਿਕੇਸ਼ਨ 13 ਜਨਵਰੀ, 2027 ਨੂੰ ਜਾਰੀ ਹੋਵੇਗਾ ਅਤੇ ਅਰਜ਼ੀਆਂ ਪ੍ਰਾਪਤ ਕਰਨ ਦੀ ਆਖ਼ਰੀ ਮਿਤੀ 2 ਫਰਵਰੀ, 2027 ਨਿਰਧਾਰਤ ਕੀਤੀ ਗਈ ਹੈ। ਇਸੇ ਦਿਨ ਭਾਰਤੀ ਜੰਗਲਾਤ ਸੇਵਾ ਦੀ ਮੁੱਢਲੀ ਪ੍ਰੀਖਿਆ ਵੀ ਸਿਵਲ ਸੇਵਾ ਮੁੱਢਲੀ ਪ੍ਰੀਖਿਆ ਰਾਹੀਂ ਆਯੋਜਿਤ ਕੀਤੀ ਜਾਵੇਗੀ।

ਇੰਜੀਨੀਅਰਿੰਗ ਸੇਵਾ ਮੁੱਢਲੀ ਪ੍ਰੀਖਿਆ-2027 ਦਾ ਆਯੋਜਨ 31 ਜਨਵਰੀ, 2027 ਨੂੰ ਹੋਵੇਗਾ ਅਤੇ ਮੁੱਖ ਪ੍ਰੀਖਿਆ 18 ਜੂਨ, 2027 ਨੂੰ ਹੋਵੇਗੀ। ਸੰਯੁਕਤ ਭੂ-ਵਿਗਿਆਨੀ ਮੁੱਢਲੀ ਪ੍ਰੀਖਿਆ 10 ਜਨਵਰੀ ਨੂੰ ਹੋਵੇਗੀ, ਜਦੋਂ ਕਿ ਮੁੱਖ ਪ੍ਰੀਖਿਆ 19 ਜੂਨ, 2027 ਤੋਂ ਦੋ ਦਿਨਾਂ ਲਈ ਆਯੋਜਿਤ ਕੀਤੀ ਜਾਵੇਗੀ। ਭਾਰਤੀ ਆਰਥਿਕ ਸੇਵਾ / ਭਾਰਤੀ ਅੰਕੜਾ ਸੇਵਾ ਪ੍ਰੀਖਿਆ 18 ਜੂਨ, 2027 ਤੋਂ ਸ਼ੁਰੂ ਹੋ ਕੇ ਤਿੰਨ ਦਿਨ ਚੱਲੇਗੀ।

ਰਾਸ਼ਟਰੀ ਰੱਖਿਆ ਅਕੈਡਮੀ ਅਤੇ ਸਮੁੰਦਰੀ ਫ਼ੌਜ ਅਕੈਡਮੀ ਪ੍ਰੀਖਿਆ ਅਤੇ ਸੰਯੁਕਤ ਰੱਖਿਆ ਸੇਵਾ ਪ੍ਰੀਖਿਆ ਦਾ ਪਹਿਲਾ ਪੜਾਅ 11 ਅਪ੍ਰੈਲ, 2027 ਨੂੰ ਆਯੋਜਿਤ ਕੀਤਾ ਜਾਵੇਗਾ।

ਇਨ੍ਹਾਂ ਦੋਵਾਂ ਪ੍ਰੀਖਿਆਵਾਂ ਦਾ ਦੂਜਾ ਪੜਾਅ 19 ਸਤੰਬਰ, 2027 ਨੂੰ ਹੋਵੇਗਾ। ਕੇਂਦਰੀ ਹਥਿਆਰਬੰਦ ਪੁਲਿਸ ਬਲ ਸਹਾਇਕ ਕਮਾਂਡੈਂਟ ਪ੍ਰੀਖਿਆ 4 ਜੁਲਾਈ ਅਤੇ ਸੰਯੁਕਤ ਮੈਡੀਕਲ ਸੇਵਾ ਪ੍ਰੀਖਿਆ 18 ਜੁਲਾਈ, 2027 ਨੂੰ ਆਯੋਜਿਤ ਹੋਵੇਗੀ।

ਭਾਰਤੀ ਜੰਗਲਾਤ ਸੇਵਾ ਮੁੱਖ ਪ੍ਰੀਖਿਆ 21 ਨਵੰਬਰ, 2027 ਤੋਂ ਸ਼ੁਰੂ ਹੋਵੇਗੀ ਅਤੇ ਸੱਤ ਦਿਨ ਚੱਲੇਗੀ। UPSC ਨੇ ਸਾਲ ਦੌਰਾਨ ਹੋਰ ਭਰਤੀ ਪ੍ਰੀਖਿਆਵਾਂ ਅਤੇ ਪ੍ਰੀਖਿਆਵਾਂ ਲਈ ਵੀ ਵੱਖ-ਵੱਖ ਤਾਰੀਖਾਂ ਨਿਰਧਾਰਤ ਕੀਤੀਆਂ ਹਨ।

ਇਸੇ ਲੜੀ ਤਹਿਤ ਡਿਪਟੀ ਕਮਿਸ਼ਨਰਾਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਰਾਜ ਵਿੱਚ UPSC ਦੀਆਂ ਪ੍ਰੀਖਿਆਵਾਂ ਦੇ ਆਯੋਜਨ ਦੌਰਾਨ ਪ੍ਰੀਖਿਆ ਕੇਂਦਰਾਂ 'ਤੇ ਜ਼ਰੂਰੀ ਪ੍ਰਸ਼ਾਸਨਿਕ ਅਤੇ ਲੌਜਿਸਟਿਕ ਸਹਿਯੋਗ ਯਕੀਨੀ ਬਣਾਇਆ ਜਾਵੇ ਅਤੇ ਸਬੰਧਤ ਅਧਿਕਾਰੀਆਂ ਨਾਲ ਉਚਿਤ ਤਾਲਮੇਲ ਰੱਖਿਆ ਜਾਵੇ।

ਨਵੀਂ ਲੀਡਰਸ਼ਿਪ ਨਾਲ 2027 'ਚ ਵਾਪਸੀ ਦੇ ਦਾਅਵੇ ਨਾਲ ਮੈਦਾਨ 'ਚ ਉੱਤਰੀ ਪੰਜਾਬ ਕਾਂਗਰਸ

ਅੰਮ੍ਰਿਤਸਰ, 8 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਕਾਂਗਰਸ ਦੇ ਨਵ-ਨਿਯੁਕਤ ਪ੍ਰਧਾਨ ਪ੍ਰਗਟ ਸਿੰਘ ਅਤੇ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਸ਼ਚਿਨ ਪਾਇਲਟ ਨੇ ਵੀਰਵਾਰ ਨੂੰ ਇੱਥੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ। ਦੋਵਾਂ ਆਗੂਆਂ ਨੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦਿਆਂ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਫੇਰੀ ਦਾ ਮੁੱਖ ਮਕਸਦ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਦੀ ਇੱਕਜੁੱਟਤਾ ਦਾ ਸੁਨੇਹਾ ਦੇਣਾ ਸੀ। ਇਸ ਮੌਕੇ ਵੱਖ-ਵੱਖ ਹਲਕਿਆਂ ਤੋਂ ਕਈ ਸੀਨੀਅਰ ਆਗੂ, ਮੌਜੂਦਾ ਤੇ ਸਾਬਕਾ ਵਿਧਾਇਕ, ਸਾਬਕਾ ਮੰਤਰੀ ਅਤੇ ਪਾਰਟੀ ਵਰਕਰ ਉਨ੍ਹਾਂ ਦੇ ਨਾਲ ਸਨ।

ਹਾਲਾਂਕਿ, ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਤੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ, ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਅਤੇ ਜਲੰਧਰ ਤੋਂ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਇਸ ਮੌਕੇ ਗੈਰ-ਹਾਜ਼ਰ ਰਹੇ, ਕਿਉਂਕਿ ਉਹ ਦਿੱਲੀ ਵਿੱਚ ਰਾਹੁਲ ਗਾਂਧੀ ਦੀ ਅਗਵਾਈ ਹੇਠ ਦਿੱਤੇ ਜਾ ਰਹੇ ਧਰਨੇ ਵਿੱਚ ਸ਼ਾਮਲ ਸਨ। ਇਸ ਤੋਂ ਪਹਿਲਾਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵ-ਨਿਯੁਕਤ ਪ੍ਰਧਾਨ ਪਰਗਟ ਸਿੰਘ ਅਤੇ ਸਚਿਨ ਪਾਇਲਟ ਵੀਰਵਾਰ ਸਵੇਰੇ ਇੱਥੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਹੁੰਚੇ। ਇਸ ਮੌਕੇ ਪਾਰਟੀ ਅੰਦਰ ਤਾਕਤ ਅਤੇ ਏਕਤਾ ਦੇ ਪ੍ਰਦਰਸ਼ਨ ਵਜੋਂ ਉਨ੍ਹਾਂ ਦਾ ਸਵਾਗਤ ਕਰਨ ਲਈ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਇਕੱਠੇ ਹੋਏ। ਹਵਾਈ ਅੱਡੇ 'ਤੇ ਕਾਂਗਰਸੀ ਵਰਕਰਾਂ ਦਾ ਇੱਕ ਉਤਸ਼ਾਹੀ ਇਕੱਠ ਦੇਖਣ ਨੂੰ ਮਿਲਿਆ,